ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

**International Daily Newspaper & WEB TV**

awazeqaumtvpunjab@gmail.com

ਬੁੱਧਵਾਰ, 21 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੫ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਨਹੀਂ ਹੋਣਗੇ ਕੈਨੇਡਾ ਦੇ ਟੋਟੇ ! ਅਲਬਰਟਾ ਦੇ ਵੋਟਰਾਂ ਨੇ ਵੱਖ ਹੋਣ ਦਾ ਪ੍ਰਸਤਾਵ ਕਰ'ਤਾ ਰੱਦ

**ਐਡਮੰਟਨ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਕੈਨੇਡਾ ਲਈ ਚੰਗੀ ਖ਼ਬਰ ਹੈ। ਕੈਨੇਡਾ ਦੇ ਤੇਲ ਨਾਲ ਭਰਪੂਰ ਅਲਬਰਟਾ ਸੂਬੇ ਦੇ ਵੋਟਰਾਂ ਨੇ ਦੇਸ਼ ਤੋਂ ਵੱਖ ਹੋਣ ਦੀ ਪ੍ਰਕਿਰਿਆ ਸ਼ੁਰੂ ਕਰਨ ਦੇ ਪ੍ਰਸਤਾਵ ਨੂੰ ਰੱਦ ਕਰ ਦਿੱਤਾ ਹੈ। ਮੰਗਲਵਾਰ ਸਵੇਰੇ ਆਏ ਨਤੀਜਿਆਂ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਅਤੇ ਕੈਨੇਡੀਅਨ ਏਕਤਾ ਦੇ ਸਮਰਥਕਾਂ ਨੂੰ ਜਿੱਤ ਦਿਵਾਈ। ਇਹ ਵੋਟਿੰਗ ਉਸ ਸਮੇਂ ਹੋਈ ਹੈ, ਜਦੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕੈਨੇਡਾ ਵਿਰੁੱਧ ਵਪਾਰ ਯੁੱਧ ਛੇੜਿਆ ਹੋਇਆ ਹੈ ਅਤੇ ਇਸਨੂੰ ਆਪਣੇ ਨਾਲ ਜੋੜਨ ਦੀ ਧਮਕੀ ਵੀ ਦਿੱਤੀ ਹੈ। ਜਨਮਤ ਸੰਗ੍ਰਹਿ ਸਿੱਧੇ ਤੌਰ 'ਤੇ ਆਜ਼ਾਦੀ ਬਾਰੇ ਨਹੀਂ ਸੀ, ਸਗੋਂ ਅਲਬਰਟਾ ਨੂੰ ਕੈਨੇਡਾ ਤੋਂ ਵੱਖ ਹੋਣ ਜਾਂ ਨਾ ਹੋਣ ਬਾਰੇ ਭਵਿੱਖ ਵਿੱਚ ਵੋਟ ਪਾਉਣ ਵੱਲ ਲਿਜਾਣ ਦਾ ਉਦੇਸ਼ ਸੀ। 10 ਲੱਖ ਤੋਂ ਵੱਧ ਵੋਟਾਂ ਦੀ ਗਿਣਤੀ ਤੋਂ ਬਾਅਦ, ਲਗਭਗ 76 ਪ੍ਰਤੀਸ਼ਤ ਵੋਟਰਾਂ ਨੇ ਕੈਨੇਡਾ ਦੇ ਨਾਲ ਰਹਿਣ ਦਾ ਸਮਰਥਨ ਕੀਤਾ, ਜਦੋਂ ਕਿ 23 ਪ੍ਰਤੀਸ਼ਤ ਨੇ ਪ੍ਰਕਿਰਿਆ ਸ਼ੁਰੂ ਕਰਨ ਲਈ ਵੋਟ ਦਿੱਤੀ। ਅਲਬਰਟਾ ਦੇ ਸਾਬਕਾ ਉਪ ਮੁੱਖ ਮੰਤਰੀ ਥਾਮਸ ਲੁਕਾਸ਼ੁਕ, ਜਿਨ੍ਹਾਂ ਨੇ ਵੱਖ ਹੋਣ ਵਿਰੁੱਧ ਮੁਹਿੰਮ ਚਲਾਈ, ਨੇ ਸਮਰਥਕਾਂ ਨੂੰ ਕਿਹਾ, "ਅਸੀਂ ਇੱਕ ਮਜ਼ਬੂਤ ਦੇਸ਼ ਹਾਂ, ਇੱਕ ਸਿਰੇ ਤੋਂ ਦੂਜੇ ਸਿਰੇ ਤੱਕ ਇੱਕਜੁੱਟ ਹਾਂ।" ਪੋਲਿੰਗ ਸਟੇਸ਼ਨ ਦੇਰ ਨਾਲ ਖੁੱਲ੍ਹਣ ਕਾਰਨ, ਨਤੀਜੇ ਦੇਰੀ ਨਾਲ ਆਉਣ ਕਾਰਨ ਸੋਮਵਾਰ ਨੂੰ 100 ਤੋਂ ਵੱਧ ਪੋਲਿੰਗ ਸਟੇਸ਼ਨਾਂ 'ਤੇ ਵੋਟਿੰਗ ਦੇ ਸਮੇਂ ਨੂੰ ਵਧਾਉਣਾ ਪਿਆ।

# ਗ੍ਰਹਿ ਮੰਤਰੀ ਅਮਿਤ ਸ਼ਾਹ ਪੰਜਾਬ ਦੌਰੇ ਦੌਰਾਨ ਸਰਕਾਰੀ ਤੰਤਰ ਤੋਂ ਪੀੜਤ 3 ਪਰਿਵਾਰਾਂ ਨਾਲ ਮੁਲਾਕਾਤ

**ਮਾਨਸਾ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮਾਨਸਾ ਪਹੁੰਚੇ, ਜਿੱਥੇ ਉਨ੍ਹਾਂ ਨੇ ਨਸ਼ਿਆਂ ਖ਼ਿਲਾਫ਼ ਲੜਾਈ ਲੜਨ ਵਾਲੇ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਿਵਾਰ ਨੂੰ ਇਨਸਾਫ਼ ਦਾ ਭਰੋਸਾ ਦੁਆਇਆ। ਅਮਿਤ ਸ਼ਾਹ ਨਾਲ ਸੁਨੀਲ ਜਾਖੜ, ਕੇਵਲ ਸਿੰਘ ਢਿੱਲੋਂ, ਮਨਪ੍ਰੀਤ ਬਾਦਲ ਅਤੇ ਹੋਰ ਆਗੂ ਵੀ ਮੌਜੂਦ ਸਨ। ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਸੁਨੀਲ ਜਾਖੜ ਨੇ ਕਿਹਾ ਕਿ ਭਲਕੇ 12 ਵਜੇ ਤੱਕ ਸੀ. ਬੀ. ਆਈ. ਦੇ ਅਫ਼ਸਰ ਪਰਿਵਾਰ ਕੋਲੋਂ ਦਸਤਾਵੇਜ਼ ਲੈਣਗੇ ਅਤੇ ਪਰਿਵਾਰ ਤੋਂ ਡਿਟੇਲ ਲੈ ਕੇ ਕਾਰਵਾਈ ਅੱਗੇ ਵਧਾਈ ਜਾਵੇਗੀ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਨੇ ਭਰੋਸਾ ਦਿੱਤਾ ਹੈ ਕਿ ਇਸ ਕਤਲਕਾਂਡ ਦੇ ਕਿਸੇ ਵੀ ਮੁਲਜ਼ਮ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਪਰਵਿੰਦਰ ਝੋਟੇ ਦੇ ਪਰਿਵਾਰ ਨੂੰ ਉਨ੍ਹਾਂ ਨੇ ਇਨਸਾਫ਼ ਦਾ ਭਰੋਸਾ ਦਿੱਤਾ ਹੈ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਅਮਿਤ ਸ਼ਾਹ ਨੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ ਸੀ ਅਤੇ ਇਨਸਾਫ਼ ਦਾ ਭਰੋਸਾ ਦਿੱਤਾ ਸੀ। ਅਮਿਤ ਸ਼ਾਹ ਨੇ ਬਟਾਲਾ 'ਚ ਬਿਕਰਮਜੀਤ ਸਿੰਘ ਦੇ ਪਰਿਵਾਰ ਨਾਲ ਵੀ ਮੁਲਾਕਾਤ ਕੀਤੀ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਨੂੰ ਬਹੁਤ ਜਲਦੀ ਸੁਲਝਾ ਲਿਆ ਜਾਵੇਗਾ ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨਾਕਾਮੀਆਂ ਨੂੰ ਵੀ ਸਾਹਮਣੇ ਲਿਆਂਦਾ ਜਾਵੇਗਾ।



### ਅਮਿਤ ਸ਼ਾਹ ਨੂੰ ਨਹੀਂ ਮਿਲ ਸਕੇ ਨੇਹਾ ਸ਼ੌਰੀ ਦੇ ਮਾਪੇ

ਡਰੱਗ ਇੰਸਪੈਕਟਰ ਨੇਹਾ ਸ਼ੌਰੀ ਦੇ ਮਾਪੇ ਕੇਂਦਰੀ ਮੰਤਰੀ ਅਮਿਤ ਸ਼ਾਹ ਨੂੰ ਮਿਲਣ ਲਈ ਮਾਨਸਾ ਪਹੁੰਚੇ, ਪਰ ਪੁਲਿਸ ਨੇ ਇਹ ਮੁਲਾਕਾਤ ਨਹੀਂ ਹੋਣ ਦਿੱਤੀ। ਸਾਲ 2019 ਵਿੱਚ, ਮੋਹਾਲੀ ਦੇ ਖਰੜ ਸਥਿਤ ਉਸ ਦੀ ਲੈਬਾਰਟਰੀ ਵਿੱਚ ਦਾਖਲ ਹੋ ਕੇ ਇੱਕ ਕੈਮਿਸਟ ਨੇ ਨੇਹਾ ਸ਼ੌਰੀ ਦਾ ਕਤਲ ਕਰ ਦਿੱਤਾ ਸੀ। ਹੁਣ ਉਸਦਾ ਪਰਿਵਾਰ ਇਨਸਾਫ਼ ਦੀ ਮੰਗ ਕਰ ਰਿਹਾ ਹੈ।

## ਪਰਵਿੰਦਰ ਝੋਟਾ ਕਤਲ ਮਾਮਲੇ 'ਚ ਵੱਡਾ ਯੂ-ਟਰਨ; ਹੁਣ ਸੀਬੀਆਈ ਕਰੇਗੀ ਜਾਂਚ

**ਚੰਡੀਗੜ੍ਹ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਦੌਰੇ ਨੇ ਪੰਜਾਬ ਦੀ ਸਿਆਸਤ ਨੂੰ ਪੂਰੀ ਤਰ੍ਹਾਂ ਭਖਾਇਆ ਹੋਇਆ ਹੈ। ਨਸ਼ਿਆਂ ਦਾ ਵਿਰੋਧ ਕਰਨ ਨੂੰ ਲੈ ਕੇ ਮਾਰੇ ਗਏ ਤਿੰਨ ਲੋਕਾਂ ਨੂੰ ਇਨਸਾਫ਼ ਦਿਵਾਉਣ ਨੂੰ ਲੈ ਕੇ ਚੱਲ ਰਹੀ ਜੰਗ ਵਿਚਾਲੇ ਪੰਜਾਬ ਸਰਕਾਰ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਅਮਿਤ ਸ਼ਾਹ ਦੇ ਪੰਜਾਬ ਦੌਰੇ ਤੋਂ ਐਨ ਪਹਿਲਾਂ ਸੀਬੀਆਈ ਜਾਂਚ ਦੀ ਮੰਗ ਨੂੰ ਪ੍ਰਵਾਨ ਕਰ ਲਿਆ ਹੈ। ਜਾਣਕਾਰੀ ਅਨੁਸਾਰ, ਪੀੜਤ ਪਰਿਵਾਰ ਅਤੇ ਪਰਵਿੰਦਰ ਸਿੰਘ ਝੋਟਾ ਐਕਸ਼ਨ ਕਮੇਟੀ ਵੱਲੋਂ ਇਨਸਾਫ਼ ਦੀ ਮੰਗ ਨੂੰ ਲੈ ਕੇ ਲਗਾਤਾਰ ਧਰਨਾ ਲਾਇਆ ਹੋਇਆ ਸੀ ਅਤੇ ਅੱਜ ਧਰਨੇ ਦਾ ੯ਵਾਂ ਦਿਨ ਸੀ। ਨਾਲ ਹੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਵੀ ਪੀੜਤ ਪਰਿਵਾਰ ਨਾਲ ਮੁਲਾਕਾਤ ਕੀਤੀ ਜਾਣੀ ਸੀ। ਪਰੰਤੂ ਪੰਜਾਬ ਸਰਕਾਰ ਨੇ ਲੋਕਾਂ ਦੇ ਰੋਹ ਅਤੇ ਅਮਿਤ ਸ਼ਾਹ ਦੇ ਦੌਰੇ ਤੋਂ ਪਹਿਲਾਂ ਸੀਬੀਆਈ ਜਾਂਚ ਕਰਵਾਉਣ ਦੀ ਗੱਲ ਮਨਜ਼ੂਰ ਕਰ ਲਈ। ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਇਸ ਸਬੰਧੀ ਆਪਣੇ ਸੋਸ਼ਲ ਮੀਡੀਆ ਐਕਸ (ਟਵਿੱਟਰ) 'ਤੇ ਪੋਸਟ ਸਾਂਝੀ ਕਰਕੇ ਜਾਣਕਾਰੀ ਦਿੱਤੀ ਹੈ। ਉਨ੍ਹਾਂ ਲਿਖਿਆ, "ਨਸ਼ਿਆਂ ਖਿਲਾਫ਼ ਲੜ ਰਹੇ ਪਰਮਿੰਦਰ ਸਿੰਘ ਝੋਟਾ ਦੇ ਪਿਤਾ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਅਸੀਂ ਹਰ ਸਮੇਂ ਡੱਟ ਕੇ ਖੜ੍ਹੇ ਹਾਂ...ਪਰਿਵਾਰ ਦੀ ਮੰਗ ਨੂੰ ਪ੍ਰਵਾਨ ਕਰਦੇ ਹੋਏ, ਅਸੀਂ ਇਹ ਕੇਸ ਸੀਬੀਆਈ ਨੂੰ ਸੌਂਪ ਰਹੇ ਹਾਂ...।" ਮੁੱਖ ਮੰਤਰੀ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਖਿਲਾਫ਼ ਸਰਕਾਰ ਦੀ ਇਹ ਲੜਾਈ ਆਰ-ਪਾਰ ਦੀ ਹੈ ਅਤੇ ਪੰਜਾਬ ਨੂੰ ਨਸ਼ਾ-ਮੁਕਤ ਕਰਨ ਲਈ ਸਾਨੂੰ ਜੋ ਵੀ ਸਖ਼ਤ ਕਦਮ ਚੁੱਕਣਾ ਪਿਆ, ਅਸੀਂ ਪਿੱਛੇ ਨਹੀਂ ਹਟਾਂਗੇ। ਹਾਲਾਂਕਿ, ਇਸਤੋਂ ਪਹਿਲਾਂ ਪੰਜਾਬ ਸਰਕਾਰ ਅਤੇ ਪੁਲਿਸ ਵੱਲੋਂ ਇਸ ਕਤਲ ਨੂੰ ਇੱਕ ਨਿੱਜੀ ਦੁਸ਼ਮਣੀ ਵੱਜੋਂ ਕਤਲ ਦੱਸਿਆ ਗਿਆ ਸੀ, ਪਰੰਤੂ ਕੇਂਦਰ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਮੁੱਖ ਸਕੱਤਰ ਤੋਂ ਰਿਪੋਰਟ ਤਲਬ ਕੀਤੇ ਜਾਣ ਅਤੇ ਕੇਂਦਰੀ ਗ੍ਰਹਿ ਮੰਤਰੀ ਦੇ ਦੌਰੇ ਨਾਲ ਪੰਜਾਬ ਸਰਕਾਰ ਨੂੰ ਯੂਟਰਨ ਲੈਣ ਲਈ ਮਜਬੂਰ ਹੋਣਾ ਪਿਆ।



## ਮਾਨਸਾ 'ਚ 43 ਦੇ ਗੰਨਮੈਨ ਨੇ ਪਹਿਲਾਂ ਪਰਿਵਾਰ ਨੂੰ ਮਾਰੀਆਂ ਗੋਲੀਆਂ, ਫਿਰ ਕੀਤੀ ਖੁਦਕੁਸ਼ੀ




**ਮਾਨਸਾ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਾਨਸਾ ਤੋਂ ਇੱਕ ਬਹੁਤ ਹੀ ਦੁਖਦਾਈ ਅਤੇ ਸਨਸਨੀਖੇਜ਼ ਖ਼ਬਰ ਆ ਰਹੀ ਹੈ। ਡਿਪਟੀ ਕਮਿਸ਼ਨਰ ਮਾਨਸਾ ਦੇ ਗੰਨਮੈਨ ਗੁਰਵਿੰਦਰ ਸਿੰਘ ਨੇ ਘਰੇਲੂ ਝਗੜੇ ਕਾਰਨ ਕਥਿਤ ਤੌਰ 'ਤੇ ਆਪਣੇ ਹੀ ਪਰਿਵਾਰ 'ਤੇ ਗੋਲੀਬਾਰੀ ਕਰ ਦਿੱਤੀ। ਗੋਲੀਬਾਰੀ ਵਿੱਚ ਉਸਦਾ ਪੁੱਤਰ ਦਿਲਸ਼ਾਨ ਮਾਰਿਆ ਗਿਆ, ਜਦੋਂ ਕਿ ਗੁਰਵਿੰਦਰ ਸਿੰਘ ਨੂੰ ਵੀ ਗੋਲੀ ਲੱਗੀ। ਉਸਦਾ ਦੂਜਾ ਪੁੱਤਰ ਜੋਤ ਅਤੇ ਉਸਦੀ ਪਤਨੀ ਜ਼ਖਮੀ ਹੋਣ ਦੀ ਖ਼ਬਰ ਹੈ ਅਤੇ ਉਨ੍ਹਾਂ ਨੂੰ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਬਠਿੰਡਾ ਰੈਫਰ ਕਰ ਦਿੱਤਾ ਹੈ। ਜਾਣਕਾਰੀ ਅਨੁਸਾਰ, ਘਟਨਾ ਅੱਜ ਸਵੇਰੇ ਵਾਪਰੀ। ਪੰਜਾਬ ਪੁਲਿਸ ਦੇ ਇੱਕ ਮੈਂਬਰ ਗੁਰਵਿੰਦਰ ਸਿੰਘ ਨੇ ਕਥਿਤ ਤੌਰ 'ਤੇ ਆਪਣੇ ਪਰਿਵਾਰਕ ਮੈਂਬਰਾਂ 'ਤੇ ਗੋਲੀਬਾਰੀ ਕੀਤੀ। ਇਸ ਘਟਨਾ ਵਿੱਚ ਉਸਦਾ ਪੁੱਤਰ ਦਿਲਸ਼ਾਨ ਮਾਰਿਆ ਗਿਆ, ਜਦੋਂ ਕਿ ਗੁਰਵਿੰਦਰ ਸਿੰਘ ਦੀ ਵੀ ਮੌਤ ਹੋ ਗਈ। ਪਰਿਵਾਰ ਦੇ ਦੋ ਹੋਰ ਮੈਂਬਰ, ਉਸਦਾ ਪੁੱਤਰ ਜੋਤ ਅਤੇ ਪਤਨੀ ਜ਼ਖਮੀ ਹੋ ਗਏ। ਘਟਨਾ ਦੀ ਜਾਣਕਾਰੀ ਮਿਲਣ 'ਤੇ, ਸੀਨੀਅਰ ਪੁਲਿਸ ਅਧਿਕਾਰੀ ਅਤੇ ਇੱਕ ਪੁਲਿਸ ਟੀਮ ਮੌਕੇ 'ਤੇ ਪਹੁੰਚੀ। ਜ਼ਖਮੀਆਂ ਨੂੰ ਇਲਾਜ ਲਈ ਮਾਨਸਾ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਬਠਿੰਡਾ ਰੈਫਰ ਕਰ ਦਿੱਤਾ। ਪੂਰੀ ਘਟਨਾ ਬਾਰੇ ਐਸਪੀ ਮਾਨਸਾ ਵੈਭਵ ਚੌਧਰੀ ਨੇ ਦੱਸਿਆ ਕਿ ਮੁੱਢਲੀ ਜਾਣਕਾਰੀ ਤੋਂ ਪਤਾ ਲੱਗਦਾ ਹੈ ਕਿ ਗੋਲੀਬਾਰੀ ਪਿੱਛੇ ਘਰੇਲੂ ਝਗੜਾ ਸੀ। ਗੋਲੀਬਾਰੀ ਵਿੱਚ ਵਰਤਿਆ ਗਿਆ ਹਥਿਆਰ ਸਰਕਾਰੀ ਰਿਵਾਲਵਰ ਮੰਨਿਆ ਜਾ ਰਿਹਾ ਹੈ, ਜਿਸਨੂੰ ਪੁਲਿਸ ਨੇ ਜ਼ਬਤ ਕਰ ਲਿਆ ਹੈ। ਪੁਲਿਸ ਇਸ ਵੇਲੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਘਰੇਲੂ ਝਗੜੇ ਦੇ ਪਿੱਛੇ ਦਾ ਕਾਰਨ ਅਤੇ ਘਟਨਾ ਦੇ ਆਲੇ ਦੁਆਲੇ ਦੇ ਹਾਲਾਤ ਪੁਲਿਸ ਜਾਂਚ ਤੋਂ ਬਾਅਦ ਹੀ ਪਤਾ ਲੱਗ ਸਕਣਗੇ। ਮਾਨਸਾ ਵਿੱਚ ਵਾਪਰੀ ਇਸ ਘਟਨਾ ਨੇ ਪੂਰੇ ਇਲਾਕੇ ਵਿੱਚ ਸੋਗ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

## ਗੁਰਦਾਸਪੁਰ 'ਚ ਬਿਕਰਮਜੀਤ ਸਿੰਘ ਦੇ ਪਰਿਵਾਰ ਨੂੰ ਮਿਲੇ ਅਮਿਤ ਸ਼ਾਹ, ਸੀਬੀਆਈ ਜਾਂਚ ਦਾ ਦਿੱਤਾ ਭਰੋਸਾ



**ਗੁਰਦਾਸਪੁਰ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਪੰਜਾਬ ਦੌਰੇ 'ਤੇ ਗੁਰਦਾਸਪੁਰ ਦੇ ਪਿੰਡ ਮਾੜੀ ਪੰਨੂਆ ਵਿਖੇ ਪਹੁੰਚੇ। ਉੱਥੇ ਉਨ੍ਹਾਂ ਨੇ ਨਸ਼ਿਆਂ ਦਾ ਵਿਰੋਧ ਕਰਨ ਕਾਰਨ ਕਤਲ ਕੀਤੇ ਗਏ ਬਿਕਰਮਜੀਤ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ।

ਗ੍ਰਹਿ ਮੰਤਰੀ ਨੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਡੂੰਘੀ ਹਮਦਰਦੀ ਪ੍ਰਗਟਾਈ ਅਤੇ ਭਰੋਸਾ ਦਿਵਾਇਆ ਕਿ ਕੇਂਦਰ ਸਰਕਾਰ ਇਸ ਔਖੀ ਘੜੀ 'ਚ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਪਰਿਵਾਰ ਨੂੰ ਹਰ ਸੰਭਵ ਇਨਸਾਫ਼ ਦਿਵਾਇਆ ਜਾਵੇਗਾ। ਮੁਲਾਕਾਤ ਦੌਰਾਨ ਪੀੜਤ ਪਰਿਵਾਰ ਨੇ ਗ੍ਰਹਿ ਮੰਤਰੀ ਨੂੰ ਇੱਕ ਲਿਖਤੀ ਮੰਗ ਪੱਤਰ ਵੀ ਸੌਂਪਿਆ।

ਮੰਗ ਪੱਤਰ 'ਚ ਪਰਿਵਾਰ ਨੇ ਮੁੱਖ ਤੌਰ 'ਤੇ ਪੂਰੇ ਮਾਮਲੇ ਦੀ ਕੇਂਦਰੀ ਜਾਂਚ ਏਜੰਸੀ ਸੀਬੀਆਈ ਤੋਂ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਅਤੇ ਨਾਲ ਹੀ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਵਾਉਣ ਲਈ ਕੇਂਦਰ ਦੇ ਤੁਰੰਤ ਦਖ਼ਲ ਦੀ ਅਪੀਲ ਕੀਤੀ। ਪਰਿਵਾਰ ਨੇ ਕਿਹਾ ਕਿ ਉਨ੍ਹਾਂ ਨੂੰ ਸਥਾਨਕ ਪੱਧਰ 'ਤੇ ਇਨਸਾਫ਼ ਦੀ ਉਮੀਦ ਨਹੀਂ ਹੈ, ਇਸ ਲਈ ਉਹ ਚਾਹੁੰਦੇ ਹਨ ਕਿ ਕੇਂਦਰ ਸਿੱਧਾ ਦਖ਼ਲ ਦੇਵੇ ਤਾਂ ਜੋ ਉਨ੍ਹਾਂ ਦੇ ਪੁੱਤਰ ਨੂੰ ਇਨਸਾਫ਼ ਮਿਲ ਸਕੇ। ਇਸ 'ਤੇ ਅਮਿਤ ਸ਼ਾਹ ਨੇ ਭਰੋਸਾ ਦਿੱਤਾ ਕਿ ਮਾਮਲੇ ਨੂੰ ਸੀਬੀਆਈ ਹਵਾਲੇ ਕਰਨ ਦੀ ਪ੍ਰਕਿਰਿਆ ਨੂੰ ਤੁਰੰਤ ਅੱਗੇ ਵਧਾਇਆ ਜਾਵੇਗਾ।

ਇਸ ਮੌਕੇ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ 'ਚ ਨਸ਼ੇ ਦੇ ਕਾਰੋਬਾਰ ਨੂੰ ਜੜ੍ਹੋਂ ਪੁੱਟਣ ਲਈ ਵਚਨਬੱਧ ਹੈ। ਗ੍ਰਹਿ ਮੰਤਰੀ ਨੇ ਸਪੱਸ਼ਟ ਕੀਤਾ ਹੈ ਕਿ ਨਸ਼ਾ ਤਸਕਰਾਂ ਵਿਰੁੱਧ ਆਉਣ ਵਾਲੇ ਦਿਨਾਂ 'ਚ ਹੋਰ ਵੱਡੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਸਰਕਾਰ ਦਾ ਇੱਕੋ-ਇੱਕ ਟੀਚਾ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ, ਤਾਂ ਜੋ ਭਵਿੱਖ ਵਿੱਚ ਕਿਸੇ ਹੋਰ ਪਰਿਵਾਰ ਨੂੰ ਅਜਿਹਾ ਦਰਦ ਨਾ ਝੱਲਣਾ ਪਵੇ।

## ਪੰਜਾਬ 'ਚ ਅੱਜ ਤੋਂ ਨਹੀਂ ਚੱਲਣਗੀਆਂ ਸਰਕਾਰੀ ਬੱਸਾਂ ! ਪੀ. ਆਰ. ਟੀ. ਸੀ. ਮੁਲਾਜ਼ਮਾਂ ਨੇ ਕਰ ਦਿੱਤਾ ਵੱਡਾ ਐਲਾਨ

**ਚੰਡੀਗੜ੍ਹ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਸਰਕਾਰੀ ਬੱਸਾਂ ਦਾ ਸਫ਼ਰ ਕਰਨ ਵਾਲਿਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਦਰਅਸਲ ਪੰਜਾਬ ਰੋਡਵੇਜ਼, ਪੀ. ਆਰ. ਟੀ. ਸੀ. ਅਤੇ ਪਨਬੱਸ ਦੇ ਕੱਚੇ ਮੁਲਾਜ਼ਮਾਂ ਨੇ 21 ਅਕਤੂਬਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਮੁਲਾਜ਼ਮ ਜੱਥੇਬੰਦੀ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਮੀਟਿੰਗਾਂ ਦੌਰਾਨ ਮੰਗਾਂ ਮੰਨਣ ਦੇ ਭਰੋਸੇ ਦਿੱਤੇ ਜਾ ਰਹੇ ਹਨ, ਪਰ ਉਨ੍ਹਾਂ ਨੂੰ ਅਮਲੀ ਰੂਪ ਨਹੀਂ ਦਿੱਤਾ ਜਾ ਰਿਹਾ। ਇਸ ਕਾਰਨ ਮੁਲਾਜ਼ਮਾਂ ਨੂੰ ਮਜਬੂਰੀ 'ਚ ਹੜਤਾਲ ਦਾ ਰਾਹ ਅਖ਼ਤਿਆਰ ਕਰਨਾ ਪੈ ਰਿਹਾ ਹੈ। ਹੜਤਾਲ ਦੇ ਮੱਦੇਨਜ਼ਰ 20 ਅਕਤੂਬਰ ਦੀ ਦੁਪਹਿਰ ਤੋਂ ਹੀ ਬੱਸਾਂ ਨੂੰ ਰਾਤ ਦੀਆਂ ਡਿਊਟੀਆਂ ਲਈ ਬਾਹਰ ਨਾ ਭੇਜਣ ਅਤੇ ਉਨ੍ਹਾਂ ਨੂੰ ਵਾਪਸ ਲਿਆਉਣ ਦੀ ਪ੍ਰਕਿਰਿਆ ਸ਼ੁਰੂ ਕੀਤੇ ਜਾਣ ਦੀ ਗੱਲ ਕਹੀ ਗਈ ਹੈ। ਪੰਜਾਬ ਰੋਡਵੇਜ਼ ਪੀ. ਆਰ. ਟੀ. ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਸਰਕਾਰ ਨਾਲ ਕਈ ਵਾਰ ਮੀਟਿੰਗਾਂ ਹੋ ਚੁੱਕੀਆਂ ਹਨ। ਹਰ ਵਾਰ ਸਰਕਾਰ ਵੱਲੋਂ ਕੁੱਝ ਦਿਨਾਂ ਦਾ ਸਮਾਂ ਮੰਗ ਕੇ ਮਾਮਲੇ ਨੂੰ ਅੱਗੇ ਪਾ ਦਿੱਤਾ ਜਾਂਦਾ ਹੈ। ਉਨ੍ਹਾਂ ਮੁਤਾਬਕ ਟਰਾਂਸਪੋਰਟ ਵਿਭਾਗ ਨਾਲ ਸਬੰਧਿਤ ਮੰਗਾਂ ਨੂੰ ਲੈ ਕੇ ਪਿਛਲੇ ਲਗਭਗ 6 ਮਹੀਨਿਆਂ ਦੌਰਾਨ ਸੱਤ ਤੋਂ ਅੱਠ ਮੀਟਿੰਗਾਂ ਹੋਈਆਂ, ਪਰ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਇਆ। ਮੁਲਾਜ਼ਮਾਂ ਦੀਆਂ ਮੁੱਖ ਮੰਗਾਂ 'ਚ ਆਊਟਸੋਰਸਿੰਗ ਪ੍ਰਥਾ ਨੂੰ ਖ਼ਤਮ ਕਰਨਾ ਅਤੇ ਠੇਕੇਦਾਰਾਂ ਅਤੇ ਵਿਚੋਲਿਆਂ ਦੀ ਭੂਮਿਕਾ ਨੂੰ ਖ਼ਤਮ ਕਰਨਾ ਸ਼ਾਮਲ ਹੈ। ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਵਿਧਾਨ ਸਭਾ 'ਚ ਇਹ ਗੱਲ ਕਹੀ ਗਈ ਸੀ ਕਿ ਠੇਕੇਦਾਰਾਂ ਨੂੰ ਵਿਚੋਂ ਹਟਾ ਕੇ ਮੁਲਾਜ਼ਮਾਂ ਨੂੰ ਸਿੱਧੇ ਸਰਕਾਰ ਦੇ ਅਧੀਨ ਲਿਆਂਦਾ ਜਾਵੇਗਾ ਪਰ ਯੂਨੀਅਨ ਦਾ ਦਾਅਵਾ ਹੈ ਕਿ ਅਜੇ ਤੱਕ ਇਸ ਸਬੰਧੀ ਉਮੀਦ ਮੁਤਾਬਕ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਪੱਸ਼ਟ ਨੋਟੀਫਿਕੇਸ਼ਨ ਜਾਰੀ ਕਰਨਾ ਚਾਹੀਦਾ ਹੈ, ਜਿਸ ਰਾਹੀਂ ਠੇਕੇਦਾਰਾਂ ਅਤੇ ਵਿਚੋਲਿਆਂ ਦੀ ਭੂਮਿਕਾ ਖ਼ਤਮ ਕਰਕੇ ਮੁਲਾਜ਼ਮਾਂ ਨੂੰ ਸਿੱਧੇ ਵਿਭਾਗ ਦੇ ਅਧੀਨ ਲਿਆਂਦਾ ਜਾਵੇ। ਹੜਤਾਲ ਦੇ ਮੱਦੇਨਜ਼ਰ 21 ਅਕਤੂਬਰ ਤੋਂ ਸਰਕਾਰੀ ਬੱਸਾਂ 'ਚ ਸਫ਼ਰ ਕਰਨ ਵਾਲੇ ਲੋਕਾਂ ਨੂੰ ਪਰੇਸ਼ਾਨੀ ਝੱਲਣੀ ਪੈ ਸਕਦੀ ਹੈ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।


ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV


DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI
George Street, West Bromwich
START 9:00AM
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ
ਜਰੋਜ ਸਟਰੀਟ, ਵੈਸਟ ਬ੍ਰਮਮਿਚ
ਅਰੰਭਤਾ: ੯:00 ਵਜੇ
GURU NANAK GURDWARA
Edward Street, West Bromwich
11:00AM
ਗੁਰੂ ਨਾਨਕ ਗੁਰਦੁਆਰਾ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
੧੧:00 ਵਜੇ
GURDWARA AMRIT PARCHAR DHARMIK DIWAN
Birmingham Road, Oldbury
1:00PM
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ
ਬ੍ਰਮਿੰਘਮ ਰੋਡ, ਓਲਡਬਰੀ
੧:00 ਵਜੇ
GURDWARA GURU MANEYO GRANTH
Popes Lane, Oldbury
2:00PM
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ
ਪੋਪਸ ਲੇਨ, ਓਲਡਬਰੀ
੨:00 ਵਜੇ
GURDWARA BABA SANG
St. Paul's Road, Smethwick
3:15PM
ਗੁਰਦੁਆਰਾ ਬਾਬਾ ਸੰਗ ਜੀ
ਸਟ, ਪੋਲਜ ਰੋਡ, ਸਮੇਦਿਕ
੩:੧੫ ਵਜੇ
GURU NANAK GURDWARA SMETHWICK
High Street, Smethwick
4:00PM
ਗੁਰੂ ਨਾਨਕ ਗੁਰਦੁਆਰਾ
ਸਮੇਦਿਕ
੪:00 ਵਜੇ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA
OLDBURY
Guru Maneyo Granth
Sandwell


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਫੱਕਰ)
ਬਾਬਾ ਦਰਸ਼ਨ ਸਿੰਘ ਜੀ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰੇ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ








### ਸ਼੍ਰੋਮਣੀ ਕਮੇਟੀ ਨੇ ਚੌਥੇ ਪਾਤਸ਼ਾਹ ਦੇ

# ਪ੍ਰਕਾਸ਼ ਪੁਰਬ ਸਬੰਧੀ ਦੁਕਾਨਦਾਰਾਂ ਨੂੰ ਦਿੱਤੇ ਸੱਦਾ ਪੱਤਰ





**ਅੰਮ੍ਰਿਤਸਰ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ 27 ਅਕਤੂਬਰ ਨੂੰ ਆ ਰਹੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਸਬੰਧੀ ਅੱਜ ਅਰਦਾਸ ਉਪਰੰਤ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਦੁਕਾਨਦਾਰਾਂ ਨੂੰ ਸੱਦਾ ਪੱਤਰ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਨੇ ਦੁਕਾਨਦਾਰਾਂ ਨੂੰ ਪ੍ਰਕਾਸ਼ ਗੁਰਪੁਰਬ ਸਮਾਗਮਾਂ 'ਚ ਸ਼ਮੂਲੀਅਤ ਲਈ ਸੱਦਾ ਪੱਤਰ ਅਤੇ ਲੱਡੂਆਂ ਦਾ ਪ੍ਰਸ਼ਾਦ ਦਿੱਤਾ। ਲੱਡੂਆਂ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲੇ, ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਅਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਸੰਪ੍ਰਦਾ ਤੋਂ ਡਾ. ਧਰਮਵੀਰ ਸਿੰਘ ਕਾਰਸੇਵਾ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਾਲਿਆਂ ਵੱਲੋਂ ਕਰਵਾਈ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਨੇ ਇਸ ਨਗਰ ਦੀ ਸਥਾਪਨਾ ਸਮੇਂ ਵੱਖ-ਵੱਖ ਕਿੱਤਿਆਂ ਵਿਚ ਮੁਹਾਰਤ ਰੱਖਣ ਵਾਲੇ ਲੋਕਾਂ ਨੂੰ ਇਥੇ ਵਸਾਇਆ ਸੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਰੋਸਾਈ ਨਗਰੀ ਦੇ ਵਸਨੀਕ ਹੋਣਾ ਖ਼ੁਸ਼ਿਕਸਮਤੀ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬਾਨੀ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਮੌਕੇ ਉਨ੍ਹਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਨਾ ਸਾਰਿਆਂ ਦਾ ਸਾਂਝਾ ਫਰਜ਼ ਹੈ।



ਗੁਰਪੁਰਬ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਸ. ਮੰਨਣ ਨੇ ਕਿਹਾ ਕਿ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ 25 ਅਤੇ 26 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਰਾਗ ਦਰਬਾਰ/ਪੜਤਾਲ ਸ਼ਬਦ ਗਾਇਨ ਕੀਰਤਨ ਦਰਬਾਰ ਹੋਵੇਗਾ ਅਤੇ 26 ਅਕਤੂਬਰ ਨੂੰ ਸਵੇਰੇ 10:00 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਸ਼ਹਿਰ ਦੇ ਪੁਰਾਤਨ ਦਰਵਾਜ਼ਿਆਂ ਤੋਂ ਹੁੰਦਾ ਹੋਇਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਪੂਰਨ ਹੋਵੇਗਾ। ਇਸੇ ਤਰ੍ਹਾਂ 27 ਅਕਤੂਬਰ ਨੂੰ ਪ੍ਰਕਾਸ਼ ਗੁਰਪੁਰਬ ਵਾਲੇ ਦਿਨ ਸਾਰਾ ਦਿਨ ਸਮਾਗਮ ਜਾਰੀ ਰਹਿਣਗੇ ਅਤੇ ਅਲੌਕਿਕ ਜਲੌ ਵੀ ਸਜਾਏ ਜਾਣਗੇ। ਸ਼ਾਮ ਸਮੇਂ ਸੁੰਦਰ ਦੀਪਮਾਲਾ ਅਤੇ ਆਤਿਸ਼ਬਾਜ਼ੀ ਵੀ ਹੋਵੇਗੀ। ਸ. ਕੁਲਵੰਤ ਸਿੰਘ ਮੰਨਣ ਨੇ ਸ਼ਹਿਰ ਵਾਸੀਆਂ ਨੂੰ ਪ੍ਰਕਾਸ਼ ਗੁਰਪੁਰਬ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਆਪਣੇ ਕਾਰੋਬਾਰੀ ਸਥਾਨਾਂ ਦੇ ਨਾਲ-ਨਾਲ ਘਰਾਂ ਦੀ ਸਾਫ਼-ਸਫ਼ਾਈ ਰੱਖਣ ਅਤੇ ਦੀਪਮਾਲਾ ਵੀ ਕਰਨ। ਇਸ ਮੌਕੇ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਦਿਲਬਾਗ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਵਾਲਿਆਂ

# ਵਿਦੇਸ਼ ਯੂਕੇ ਤੋਂ ਪੰਜਾਬ ਆਉਣ ਤੇ ਨਿੱਘਾ ਸੁਆਗਤ ਕੀਤਾ



**ਚੌਕ ਮਹਿਤਾ, 21 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਧੰਨ ਧੰਨ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ਼੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ ਪਿੱਛਲੇ ਦਿਨੀ ਵਿਦੇਸ਼ ਦੀ ਧਰਤੀ ਯੂਕੇ ਗੁਰਬਾਣੀ ਦਾ ਪ੍ਰਚਾਰ ਪਾਸਾਰ ਲਈ ਗਏ ਸਨ। ਯੂਕੇ ਤੋਂ ਪੰਜਾਬ ਆਉਣ ਤੇ ਪੰਜਾਬ ਦੀਆਂ ਸੰਗਤਾਂ ਨੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦਾ ਫੁੱਲਾਂ ਦੀ ਵਰਖਾ ਅਤੇ ਹਾਰ, ਸਿਰਪਾਓ ਦੇ ਕੇ ਸਨਮਾਨਿਤ ਕੀਤਾ ਯੂਕੇ ਦੀਆਂ ਸੰਗਤਾਂ ਨੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਬਾਬਾ ਜੀ ਨੇ ਵੱਖ ਥਾਵਾਂ ਤੇ ਸੰਗਤਾਂ ਨੂੰ ਮੂਲ ਮੰਤਰ ਗੁਰੂ ਮੰਤਰ, ਅਤੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਅਤੇ ਕਥਾ ਨਾਲ ਜੋੜਿਆ। ਬਾਬਾ ਜੀ ਸੰਗਤਾਂ ਨੂੰ ਕਿਹਾ ਕਿ ਗੁਰੂ ਸਾਹਿਬ ਜੀ ਦੇ ਪਵਿੱਤਰ ਪਾਵਨ ਉਪਦੇਸ਼ ਅਨੁਸਾਰ ਨਾਮ ਜਾਪੁਣਾ, ਵੰਡ ਕੇ ਛੱਕਣਾ,ਕਿਰਤ ਕਰਨ ਦਾ ਉਪਦੇਸ਼ ਦਿੱਤਾ। ਇਸ ਮੌਕੇ ਤੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦੇ ਗੜਵਈ ਭਾਈ ਦੀਪਏ ਸਿੰਘ ਨਾਲ ਸਨ । ਪੰਜਾਬ ਦੇ ਵਿਚ ਸੁਆਗਤ ਕਰਣ ਵਾਲਿਆਂ ਮਾਸਟਰ ਜੱਸਾ, ਡਾਕਟਰ ਹਰਿਕਿਸ਼ਨ ਸਿੰਘ, ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦਰਬਾਰ ਦੇ ਹੈੱਡ ਗ੍ਰੰਥੀ ਪਲਵਿੰਦਰ ਸਿੰਘ ਉਦੋਕੇ, ਭਾਈ ਦਿਲਬਾਗ ਸਿੰਘ ਤਲਵੰਡੀ, ਭਾਈ ਤਜਿੰਦਰ ਸਿੰਘ ਮਕੁੰਦਪੁਰ, ਭਾਈ ਜਰਨੈਲ ਸਿੰਘ ਖੁਜਾਲਾ,ਏਕਮਦੀਪ ਸਿੰਘ ਖੁਜਾਲਾ, ਸਰਪੰਚ ਸਾਹਿਬ ਸਿੰਘ ਖੁਜਾਲਾ,ਐਸ ਐਚ ਉ ਜਸਬੀਰ ਸਿੰਘ ਖੁਜਾਲਾ,ਜਸਕਰਨ ਸਿੰਘ ਚਾਟੀਵਿੰਡ ਆਦਿ ਆਗੂ ਸੇਵਾਦਾਰ ਹਾਜ਼ਰ ਸਨ।

### ਅਕਾਲ ਯੂਨੀਵਰਸਿਟੀ ਵਿਖੇ ਰੇਡੀਓਕੈਮਿਸਟਰੀ ਬਾਰੇ

# ਦੋ-ਰੋਜ਼ਾ ਰਾਸ਼ਟਰੀ ਵਰਕਸ਼ਾਪ ਸੰਪੰਨ





**ਤਲਵੰਡੀ ਸਾਬੋ, 20 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਇੰਡੀਅਨ ਐਸੋਸੀਏਸ਼ਨ ਆਫ਼ ਨਿਊਕਲੀਅਰ ਕੈਮਿਸਟਸ ਐਂਡ ਅਲਾਈਡ ਸਾਇੰਟਿਸਟਸ ਦੇ ਨਾਰਦਰਨ ਚੈਪਟਰ ਅਤੇ ਭਾਬਾ ਪਰਮਾਣੂ ਖੋਜ ਕੇਂਦਰ, ਮੁੰਬਈ ਦੇ ਸਹਿਯੋਗ ਨਾਲ 'ਰੇਡੀਓਕੈਮਿਸਟਰੀ ਅਤੇ ਰੇਡੀਓਆਈਸੋਟੋਪਾਂ ਦੇ ਉਪਯੋਗ' ਵਿਸ਼ੇ 'ਤੇ ਕਰਵਾਈ ਗਈ ਦੋ-ਰੋਜ਼ਾ ਰਾਸ਼ਟਰੀ ਵਰਕਸ਼ਾਪ ਸਫ਼ਲਤਾਪੂਰਵਕ ਸੰਪੰਨ ਹੋ ਗਈ। ਇਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਲਗਭਗ 60 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲਿਆ। ਵਰਕਸ਼ਾਪ ਦਾ ਉਦਘਾਟਨ ਕਰਦਿਆਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਵਿਗਿਆਨਕ ਖੋਜਾਂ ਵਿੱਚ ਰੇਡੀਓਕੈਮਿਸਟਰੀ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਭਾਬਾ ਪਰਮਾਣੂ ਖੋਜ ਕੇਂਦਰ ਦੇ ਸਾਬਕਾ ਵਿਗਿਆਨੀ ਡਾ. ਸਰਬਜੀਤ ਸਿੰਘ ਸਮੇਤ ਹੋਰ ਮਾਹਿਰਾਂ ਨੇ ਰੇਡੀਓਐਕਟੀਵਿਟੀ, ਰੇਡੀਏਸ਼ਨ ਸੁਰੱਖਿਆ, ਡਾਟਾ ਪ੍ਰਬੰਧਨ ਅਤੇ ਰੇਡੀਏਸ਼ਨ ਡਿਟੈਕਟਰਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

**ਵੱਖ-ਵੱਖ ਸੰਸਥਾਵਾਂ ਦੇ 60 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਲਿਆ ਭਾਗ**

ਵਰਕਸ਼ਾਪ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਗਾਈਗਰ-ਮੁਲਰ ਕਾਊਂਟਰ ਸਮੇਤ ਵੱਖ-ਵੱਖ ਰੇਡੀਏਸ਼ਨ ਡਿਟੈਕਟਰਾਂ ਦੀ ਕਾਰਜ-ਪ੍ਰਣਾਲੀ ਅਤੇ ਰੇਡੀਓਐਕਟੀਵਿਟੀ ਮਾਪਣ ਦੀਆਂ ਵਿਧੀਆਂ ਬਾਰੇ ਵਿਹਾਰਕ ਸਿਖਲਾਈ ਦਿੱਤੀ ਗਈ। ਇਸ ਵਿੱਚ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ, ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਅਤੇ ਸਰਕਾਰੀ ਰਾਜਿੰਦਰਾ ਕਾਲਜ ਬਠਿੰਡਾ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੀ ਸ਼ਿਰਕਤ ਕੀਤੀ। ਸਮਾਪਤੀ ਸਮਾਗਮ ਦੌਰਾਨ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਸਵਰਨ ਸਿੰਘ ਨੇ ਵਿਗਿਆਨਕ ਸਿੱਖਿਆ ਅਤੇ ਪ੍ਰਯੋਗਾਤਮਕ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਵਰਕਸ਼ਾਪ ਦੇ ਕਨਵੀਨਰ ਪ੍ਰੋ. ਸੁਖਜੀਤ ਸਿੰਘ ਨੇ ਮਾਹਿਰਾਂ, ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਅੰਤ ਵਿੱਚ ਭਾਗ ਲੈਣ ਵਾਲਿਆਂ ਨੂੰ ਸਰਟੀਫਿਕੇਟ ਵੰਡੇ ਗਏ। ਇਹ ਵਰਕਸ਼ਾਪ ਵਿਦਿਆਰਥੀਆਂ ਵਿੱਚ ਨਿਊਕਲੀਅਰ ਸਾਇੰਸ ਪ੍ਰਤੀ ਰੁਚੀ ਵਧਾਉਣ ਅਤੇ ਵਿਗਿਆਨਕ ਗਿਆਨ ਦੇ ਆਦਾਨ-ਪ੍ਰਦਾਨ ਲਈ ਮਹੱਤਵਪੂਰਨ ਉਪਰਾਲਾ ਸਾਬਤ ਹੋਈ।

# ਸੀਨੀਅਰ ਪੱਤਰਕਾਰ ਭਗਵਾਨ ਸਿੰਘ ਦਾ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਨੇ ਸਿਹਤ ਦਾ ਹਾਲ ਚਾਲ ਪੁੱਛਿਆ



**ਖੁਜਾਲਾ, 19 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਜਾਗਰਣ ਖੁਜਾਲਾ ਤੋਂ ਸੀਨੀਅਨ ਪੱਤਰਕਾਰ ਭਗਵਾਨ ਸਿੰਘ ਸੈਦੋ ਲੇਹਲ ਪਿੱਛਲੇ ਦਿਨੀ ਸਿਹਤ ਖਰਾਬ ਹੋਣ ਕਾਰਨ ਟਾਹਲੀ ਸਾਹਿਬ ਨਿੱਜੀ ਹਸਪਤਾਲ ਵਿਚ ਦਾਖਲ ਸਨ। ਅੱਜ ਉਨ੍ਹਾਂ ਦੀ ਸਿਹਤ ਦੇ ਹਾਲ ਚਾਲ ਪੁੱਛਣ ਲਈ ਧੰਨ ਧੰਨ ਸ੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਨੇ ਜਾਕੇ ਹਾਲ ਪੁੱਛਿਆ ਅਤੇ ਭਗਵਾਨ ਸਿੰਘ ਪੱਤਰਕਾਰ ਦੀ ਸਿਹਤਯਾਬੀ ਲਈ ਮੂਲ ਮੰਤਰ ਅਤੇ ਗੁਰੂ ਮੰਤਰ ਦਾ ਜਾਪ ਕਰਕੇ ਅਰਦਾਸ ਬੇਨਤੀ ਕੀਤੀ। ਉਨ੍ਹਾਂ ਦੇ ਨਾਲ ਭਾਈ ਦੀਪ ਸਿੰਘ ਗੜਵਈ, ਭਾਈ ਦਿਲਬਾਗ ਸਿੰਘ, ਭਾਈ ਪਲਵਿੰਦਰ ਸਿੰਘ ਹੈੱਡ ਗ੍ਰੰਥੀ, ਭਾਈ ਜਰਨੈਲ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਅਸਲਾ ਲਾਇਸੰਸ ਨੂੰ ਲੈ ਕੇ ਸਰਪੰਚ ਯੂਨੀਅਨ ਨੇ ਲਾਇਆ ਧਰਨਾ



**ਫ਼ਿਰੋਜ਼ਪੁਰ, 20 ਅਕਤੂਬਰ (ਮਨੋਹਰ ਲਾਲ) :—** ਅੱਜ ਸਰਪੰਚ ਯੂਨੀਅਨ ਫ਼ਿਰੋਜ਼ਪੁਰ ਦਾ ਅਸਲਾ ਲਾਈਸੰਸ ਦਾ ਧਰਨਾ ਨੌਂਵੇਂ ਦਿਨ ਤੱਕ ਪਹੁੰਚ ਚੁੱਕਿਆ ਹੈ ਅਸੀਂ ਸਾਰੀਆਂ ਜਥੇਬੰਦੀਆਂ ਦੇ ਸਹਿਯੋਗ ਦੇ ਨਾਲ ਸ਼ਾਂਤਮਈ ਢੰਗ ਨਾਲ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੇ ਬਾਹਰ ਰੋਸ ਪ੍ਰਦਰਸ਼ਨ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ 19 ਅਕਤੂਬਰ ਨੂੰ ਜ਼ਿਲ੍ਹਾ ਪੱਧਰੀ ਕਾਲ ਸੀ ਜਿਸ ਵਿੱਚ ਸਾਰੀਆਂ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਜਥੇਬੰਦੀਆਂ ਨੇ ਭਾਰੀ ਰੂਪ ਵਿੱਚ ਹਿੱਸਾ ਲਿਆ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਨੌਜਵਾਨਾਂ, ਬਜ਼ੁਰਗਾਂ ਤੇ ਭੈਣਾਂ ਨੇ ਹਾਜਰੀ ਲਗਵਾਈ। ਰੋਸ ਪ੍ਰਦਰਸ਼ਨ ਨੂੰ ਵੇਖਦੇ ਹੋਏ ਐਸ.ਡੀ.ਐਮ ਫ਼ਿਰੋਜ਼ਪੁਰ ਅਤੇ ਤਹਿਸੀਲਦਾਰ ਨੇ ਆਗੂਆਂ ਨਾਲ ਗੱਲਬਾਤ ਕਰਦਿਆਂ ਆਪਣੀ ਗੱਲ ਰੱਖੀ, ਪ੍ਰੰਤੂ ਇਹ ਮੀਟਿੰਗ ਵਿੱਚ ਕੋਈ ਸਿੱਟਾ ਨਹੀਂ ਨਿਕਲਿਆ। ਉਨ੍ਹਾਂ ਕਿਹਾ ਕਿ ਸਰਪੰਚ ਯੂਨੀਅਨ ਕਮੇਟੀ ਨੇ ਇਹ ਬੇਨਤੀ ਕੀਤੀ ਕਿ ਤੁਸੀਂ ਸਰਕਾਰ ਨਾਲ ਤੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰੋ ਤਾਂ ਜੋ ਅਸਲੇ ਸਬੰਧੀ ਜੋ ਪੋਰਟਲ ਬੰਦ ਹੋਣ ਦੀ ਗੱਲ ਕੀਤੀ ਜਾ ਰਹੀ ਉਸ ਨੂੰ ਖੋਲਿਆ ਜਾਵੇ ਅਤੇ ਜਿਨਾਂ ਲਾਭਪਾਤਰੀਆਂ ਨੇ ਅਸਲਾ ਲਾਈਸੈਂਸ ਬਣਾਉਣ ਸਬੰਧੀ ਲੱਖਾਂ ਰੁਪਏ ਫੀਸਾਂ ਭਰੀਆਂ ਹੋਈਆਂ ਹਨ ਉਨ੍ਹਾਂ ਦੇ ਲਾਈਸੰਸ ਜਾਰੀ ਕੀਤੇ ਜਾਣ ਫਿਰ ਅਸੀਂ ਧਰਨਾ ਚੁੱਕਣ ਬਾਰੇ ਸੋਚ ਲਵਾਂਗੇ ਨਹੀਂ ਤਾਂ ਨਿਰੰਤਰ ਧਰਨਾ ਜਾਰੀ ਰਹੇਗਾ। ਉਨ੍ਹਾਂ ਜਥੇਬੰਦੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸੋਮਵਾਰ ਨੂੰ ਉਚ ਅਧਿਕਾਰੀਆਂ ਅਤੇ ਸਰਕਾਰ ਨਾਲ ਗੱਲਬਾਤ ਕਰਕੇ ਤੁਹਾਨੂੰ ਦੱਸਿਆ ਜਾਵੇਗਾ।

ਇਸ ਮੌਕੇ ਸਰਪੰਚ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਫਿਰੋਜਪੁਰ, ਦੀਪੂ ਯੂਨੀਅਨ ਜ਼ਿਲ੍ਹਾ ਫ਼ਿਰੋਜਪੁਰ, ਭਾਰਤੀ ਕਿਸਾਨ ਯੂਨੀਅਨ ਫ਼ਿਰੋਜ਼ਪੁਰ, ਮਜੈਲ ਯੂਨੀਅਨ ਫਿਰੋਜਪੁਰ, ਵਾਰਸ ਪੰਜਾਬ ਜਥੇਬੰਦੀ ਫਿਰੋਜਪੁਰ, ਮਿਸ਼ਨ ਸਤਲੁਜ ਫਿਰੋਜਪੁਰ, ਰਾਜਨੀਤਿਕ ਧਾਰਮਿਕ ਕਿਸਾਨ ਜਥੇਬੰਦੀਆਂ ਸਮਾਜਿਕ ਸ਼ਖਸ਼ੀਅਤਾਂ ਬੀਕੇਯੂ ਮਾਨਸਾ, ਬੀਕੇਯੂ ਸਿੱਧੂ, ਬੀਕੇਯੂ ਏਕਤਾ ਸਿੱਧੂਪੁਰ, ਸਾਈ ਮੀਆਂ ਮੀਰ ਕਮੇਟੀ, ਰਾਵਣ ਸੈਨਾ ਫਿਰੋਜ਼ਪੁਰ, ਬੀਕੇਯੂ ਕਾਦੀਆਂ ਫਿਰੋਜਪੁਰ, ਬੀਕੇਯੂ ਉਗਰਾਹਾਂ ਫਿਰੋਜਪੁਰ ਸਮਾਜ ਸੇਵਕ ਯੂਨੀਅਨ ਦੇ ਆਗੂਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਬਿਨ੍ਹਾਂ ਦੇਰੀ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕੀਤਾ ਜਾਵੇ। ਇਸ ਮੌਕੇ ਸਾਧ ਸਿੰਘ ਸੰਧੂ ਪ੍ਰਧਾਨ ਸਰਪੰਚ, ਗੁਰਮੀਤ ਸਿੰਘ ਕੰਬੋਜ ਸਰਪੰਚ ਜ਼ਿਲ੍ਹਾ ਜਨਰਲ ਸਕੱਤਰ ਫਿਰੋਜ਼ਪੁਰ, ਲਖਵਿੰਦਰ ਸਿੰਘ ਸੰਧੂ ਤਰਾਂਵਾਲੀ ਪ੍ਰਧਾਨ ਬੀਕੇਯੂ, ਅਸ਼ਵਨੀ ਮੱਕੜ ਫਿਰੋਜਪੁਰ, ਬਾਬਾ ਜੱਸਾ ਸਿੰਘ, ਗੁਰਪ੍ਰੀਤ ਸਿੰਘ ਗੋਪੀ ਗਹਿਰੀ ਲੱਖੋਕੇ ਬਹਿਰਾਮ, ਰਵਿੰਦਰ ਸਿੰਘ ਪੀਰ ਅਹਿਮਦ ਖਾਂ, ਅਜੀਤ ਸਿੰਘ ਮਾਛੀਵਾਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਅਮਰੀਕਾ ਦੀਆਂ ਵਰਲਡ ਸਕੇਟ ਗੇਮਜ਼—2026 ਵਿੱਚ ਚਮਕਣ ਮਗਰੋਂ

# ਫਿਰੋਜ਼ਪੁਰ ਪਰਤੇ ਅਭੈਜੋਤ ਸਿੰਘ ਭੁੱਲਰ ਦਾ ਭਰਵਾਂ ਸਵਾਗਤ




**ਫ਼ਿਰੋਜ਼ਪੁਰ, 20 ਅਕਤੂਬਰ (ਮਨੋਹਰ ਲਾਲ):—** ਆਰ.ਐਸ. ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਛਾਉਣੀ ਦੇ ਹੋਣਹਾਰ ਵਿਦਿਆਰਥੀ ਅਭੈਜੋਤ ਸਿੰਘ ਭੁੱਲਰ ਵੱਲੋਂ ਅਮਰੀਕਾ ਵਿਖੇ ਆਯੋਜਿਤ ਵਰਲਡ ਸਕੇਟ ਗੇਮਜ਼—2026 ਵਿੱਚ ਭਾਗ ਲੈਣ ਉਪਰੰਤ ਫਿਰੋਜ਼ਪੁਰ ਪਰਤਣ 'ਤੇ ਉਸ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਰਾਜਨੀਤਿਕ, ਸਮਾਜਿਕ ਅਤੇ ਸਿੱਖਿਆ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ ਅਭੈਜੋਤ ਸਿੰਘ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਸ ਦੀ ਖੇਡ ਪ੍ਰਤੀ ਲਗਨ, ਮਿਹਨਤ ਅਤੇ ਪ੍ਰਾਪਤੀ 'ਤੇ ਮਾਣ ਮਹਿਸੂਸ ਕੀਤਾ।

ਸਵਾਗਤ ਸਮਾਰੋਹ ਦੌਰਾਨ ਵਿਧਾਇਕ ਰਣਬੀਰ ਸਿੰਘ ਭੁੱਲਰ, ਡਾਕਟਰ ਸਤਿੰਦਰ ਸਿੰਘ ਡਿਪਟੀ ਡੀਈਓ, ਹਰਚਰਨ ਸਿੰਘ ਸਾਮਾ ਪ੍ਰਬੰਧਕ ਆਰ.ਐਸ. ਇੰਟਰਨੈਸ਼ਨਲ ਸਕੂਲ, ਡੀ.ਐਸ.ਪੀ ਕਰਨ ਸ਼ਰਮਾ, ਪ੍ਰਿੰਸੀਪਲ ਸੋਨੀਆ ਰਾਣਾ, ਗੁਰਨਾਮ ਸਿੱਧੂ ਪ੍ਰਧਾਨ ਸਤਲੁਜ ਪ੍ਰੈਸ ਕਲੱਬ, ਭਗਵਾਨ ਸਿੰਘ ਸਾਮਾ ਪ੍ਰਧਾਨ ਸ਼ਹੀਦ ਊਧਮ ਸਿੰਘ ਟਰੱਸਟ ਫਿਰੋਜ਼ਪੁਰ, ਨਰਿੰਦਰ ਸਿੰਘ ਕੇਸਰ ਪ੍ਰਧਾਨ ਪ੍ਰਾਈਵੇਟ ਸਕੂਲ ਐਸੋਸੀਏਸ਼ਨ, ਦਿਲਬਾਗ ਸਿੰਘ ਨੱਢਾ ਚੇਅਰਮੈਨ ਬਲਾਕ ਸੰਮਤੀ, ਇੰਦੂ ਸ਼ਰਮਾ ਵਾਈਸ ਪ੍ਰਿੰਸੀਪਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਸਮਾਰੋਹ ਦੌਰਾਨ ਬੁਲਾਰਿਆਂ ਨੇ ਅਭੈਜੋਤ ਸਿੰਘ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਖੇਡ ਮੁਕਾਬਲਿਆਂ ਵਿੱਚ ਭਾਗ ਲੈਣਾ ਆਪਣੇ ਆਪ ਵਿੱਚ ਮਹੱਤਵਪੂਰਨ ਪ੍ਰਾਪਤੀ ਹੈ। ਅਜਿਹੇ ਮੌਕੇ ਨੌਜਵਾਨ ਖਿਡਾਰੀਆਂ ਨੂੰ ਆਪਣੇ ਹੁਨਰ ਨੂੰ ਨਿਖਾਰਨ, ਨਵੇਂ ਤਜਰਬੇ ਹਾਸਲ ਕਰਨ ਅਤੇ ਭਵਿੱਖ ਵਿੱਚ ਹੋਰ ਵੱਡੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਅਭੈਜੋਤ ਸਿੰਘ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਨੌਜਵਾਨਾਂ ਦਾ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣਾ ਸਮਾਜ ਅਤੇ ਦੇਸ਼ ਲਈ ਮਾਣ ਵਾਲੀ ਗੱਲ ਹੈ। ਖੇਡਾਂ ਬੱਚਿਆਂ ਵਿੱਚ ਅਨੁਸ਼ਾਸਨ, ਸਹਿਣਸ਼ੀਲਤਾ, ਆਤਮ ਵਿਸ਼ਵਾਸ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਅਭੈਜੋਤ ਵਰਗੇ ਹੋਣਹਾਰ ਖਿਡਾਰੀ ਦੂਜੇ ਬੱਚਿਆਂ ਲਈ ਵੀ ਪ੍ਰੇਰਨਾ ਬਣਦੇ ਹਨ। ਉਨ੍ਹਾਂ ਖਿਡਾਰੀ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਨਵੀਆਂ ਉਚਾਈਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਡਿਪਟੀ ਡੀਈਓ ਡਾਕਟਰ ਸਤਿੰਦਰ ਸਿੰਘ ਨੇ ਕਿਹਾ ਕਿ ਸਿੱਖਿਆ ਦੇ ਨਾਲ ਨਾਲ ਖੇਡਾਂ ਬੱਚਿਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਨਾਲ ਖਿਡਾਰੀਆਂ ਨੂੰ ਆਪਣੇ ਹੁਨਰ ਨੂੰ ਪਰਖਣ ਅਤੇ ਤਜਰਬੇਕਾਰ ਖਿਡਾਰੀਆਂ ਤੋਂ ਸਿੱਖਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਅਤੇ ਮਾਪਿਆਂ ਨੂੰ ਬੱਚਿਆਂ ਦੀਆਂ ਖੇਡ ਪ੍ਰਤਿਭਾਵਾਂ ਨੂੰ ਪਛਾਣ ਕੇ ਉਨ੍ਹਾਂ ਨੂੰ ਅੱਗੇ ਵਧਣ ਲਈ ਉਚਿਤ ਮੌਕੇ ਅਤੇ ਹੌਸਲਾ ਦੇਣਾ ਚਾਹੀਦਾ ਹੈ। ਇਸ ਮੌਕੇ ਆਰ.ਐਸ. ਇੰਟਰਨੈਸ਼ਨਲ ਸਕੂਲ ਦੇ ਪ੍ਰਬੰਧਕ ਹਰਚਰਨ ਸਿੰਘ ਸਾਮਾ ਨੇ ਕਿਹਾ ਕਿ ਅਭੈਜੋਤ ਸਿੰਘ ਭੁੱਲਰ ਦੀ ਅੰਤਰਰਾਸ਼ਟਰੀ ਖੇਡ ਮੰਚ ਤੱਕ ਪਹੁੰਚ ਸਕੂਲ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਅਭੈਜੋਤ ਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਨਵੇਂ ਸੁਪਨੇ ਦੇਖਣ ਅਤੇ ਉਨ੍ਹਾਂ ਨੂੰ ਪੂਰਾ ਕਰਨ ਦਾ ਜਜ਼ਬਾ ਪੈਦਾ ਕਰਦੀਆਂ ਹਨ। ਉਨ੍ਹਾਂ ਖਿਡਾਰੀ ਦੇ ਪਰਿਵਾਰ ਅਤੇ ਉਸ ਨੂੰ ਤਿਆਰ ਕਰਨ ਵਿੱਚ ਯੋਗਦਾਨ ਪਾਉਣ ਵਾਲਿਆਂ ਦੀ ਵੀ ਸ਼ਲਾਘਾ ਕੀਤੀ।

**☛ ਵਿਧਾਇਕ ਰਣਬੀਰ ਸਿੰਘ ਭੁੱਲਰ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤਾ ਸਨਮਾਨਿਤ ☛ ਨੌਜਵਾਨ ਕੌਮਾਂਤਰੀ ਖਿਡਾਰੀ ਦੀ ਪ੍ਰਾਪਤੀ ਨੂੰ ਦੱਸਿਆ ਸਰਹੱਦੀ ਇਲਾਕੇ ਲਈ ਮਾਣ**

ਸ਼ਹੀਦ ਊਧਮ ਸਿੰਘ ਟਰੱਸਟ ਫਿਰੋਜ਼ਪੁਰ ਦੇ ਪ੍ਰਧਾਨ ਭਗਵਾਨ ਸਿੰਘ ਸਾਮਾ ਨੇ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵੱਲ ਲਗਾਉਣਾ ਸਮੇਂ ਦੀ ਲੋੜ ਹੈ ਅਤੇ ਖੇਡਾਂ ਨੌਜਵਾਨਾਂ ਨੂੰ ਅਨੁਸ਼ਾਸਨ, ਮਿਹਨਤ ਅਤੇ ਟੀਮ ਭਾਵਨਾ ਦਾ ਸਬਕ ਸਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਅਭੈਜੋਤ ਦੀ ਪ੍ਰਾਪਤੀ ਹੋਰ ਬੱਚਿਆਂ ਨੂੰ ਵੀ ਖੇਡਾਂ ਨਾਲ ਜੁੜਨ ਅਤੇ ਆਪਣੇ ਟੀਚਿਆਂ ਲਈ ਲਗਾਤਾਰ ਮਿਹਨਤ ਕਰਨ ਵਾਸਤੇ ਪ੍ਰੇਰਿਤ ਕਰੇਗੀ। ਇਸ ਮੌਕੇ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਸਿੰਘ ਕੇਸਰ ਨੇ ਕਿਹਾ ਕਿ ਸਕੂਲਾਂ ਦੀ ਜ਼ਿੰਮੇਵਾਰੀ ਸਿਰਫ਼ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇਣ ਤੱਕ ਸੀਮਿਤ ਨਹੀਂ, ਸਗੋਂ ਉਨ੍ਹਾਂ ਦੀਆਂ ਵਿਸ਼ੇਸ਼ ਪ੍ਰਤਿਭਾਵਾਂ ਨੂੰ ਪਛਾਣਨਾ ਅਤੇ ਨਿਖਾਰਨਾ ਵੀ ਹੈ। ਉਨ੍ਹਾਂ ਕਿਹਾ ਕਿ ਅਭੈਜੋਤ ਵਰਗੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਨਾਲ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਆਪਣੀ ਪਛਾਣ ਬਣਾਉਣ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਸਕੂਲ ਪ੍ਰਬੰਧਕਾਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਲਈ ਵੀ ਲੋੜੀਂਦਾ ਸਮਾਂ ਅਤੇ ਸਹਿਯੋਗ ਦਿੱਤਾ ਜਾਵੇ। ਸਮਾਗਮ ਦੇ ਅੰਤ ਵਿੱਚ ਹਾਜ਼ਰ ਸ਼ਖ਼ਸੀਅਤਾਂ ਨੇ ਅਭੈਜੋਤ ਸਿੰਘ ਭੁੱਲਰ ਨੂੰ ਭਵਿੱਖ ਵਿੱਚ ਹੋਰ ਸਫ਼ਲਤਾਵਾਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਖਿਡਾਰੀ ਦੀ ਪ੍ਰਾਪਤੀ ਨੂੰ ਫਿਰੋਜ਼ਪੁਰ ਦੇ ਨੌਜਵਾਨਾਂ ਲਈ ਪ੍ਰੇਰਨਾਦਾਇਕ ਦੱਸਦਿਆਂ ਉਸ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋ ਇਲਾਵਾ ਹਰਿੰਦਰ ਸਿੰਘ ਚਮੇਲੀ, ਹਰਿੰਦਰ ਭੁੱਲਰ, ਨਿਰਮਲ ਸਿੰਘ, ਗੁਰਜੀਤ ਸਿੰਘ ਸੋਢੀ, ਹਰਜਿੰਦਰ ਸਿੰਘ, ਦਰਸ਼ਨ ਸਿੰਘ, ਪਰਮਿੰਦਰ ਸਿੰਘ ਥਿੰਦ, ਸੁਰਿੰਦਰ ਸਤੀਏ ਵਾਲਾ, ਮਨਪ੍ਰੀਤ ਸਿੰਘ ਢਿੱਲੋਂ ਆਦਿ ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਨਸ਼ਿਆਂ ਦੇ ਅੱਗ ਦੀ ਲਪੇਟ ਵਿਚ

# ਭਗਵੰਤ ਮਾਨ ਚਲੇ ਪੈਰਿਸ ਦੀ ਸੈਰ 'ਤੇ—ਸਰਨਾ



**ਨਵੀਂ ਦਿੱਲੀ, 20 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪ੍ਰਸਤਾਵਿਤ ਫਰਾਂਸ ਦੌਰੇ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਜਦੋਂ ਪੰਜਾਬ ਨਸ਼ਿਆਂ ਦੀ ਅੱਗ 'ਚ ਸੜ ਰਿਹਾ ਹੈ, ਪਰਿਵਾਰ ਆਪਣੇ ਬੱਚੇ ਗੁਆ ਰਹੇ ਹਨ ਅਤੇ ਲੋਕ ਸਰਕਾਰ ਤੋਂ ਜਵਾਬ ਮੰਗ ਰਹੇ ਹਨ, ਤਾਂ ਮੁੱਖ ਮੰਤਰੀ ਨੂੰ ਪੈਰਿਸ ਜਾਣ ਦਾ ਸਮਾਂ ਕਿਵੇਂ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕੀ ਮਾਨ ਨੂੰ ਇਹ ਵੀ ਪਤਾ ਹੈ ਕਿ ਸਿੱਖ ਸਾਮਰਾਜ ਦੇ ਆਖਰੀ ਮਹਾਰਾਜਾ ਦਲੀਪ ਸਿੰਘ ਨੇ 1893 ਵਿੱਚ ਪੈਰਿਸ 'ਚ ਆਖਰੀ ਸਾਹ ਲਏ ਸਨ, ਪਰ ਅੱਜ ਤੱਕ ਉਸ ਥਾਂ 'ਤੇ ਉਨ੍ਹਾਂ ਦੀ ਯਾਦ ਵਿੱਚ ਕੋਈ ਯਾਦਗਾਰੀ ਤਖ਼ਤੀ ਤੱਕ ਨਹੀਂ ਲੱਗੀ। ਸਰਨਾ ਨੇ ਕਿਹਾ ਕਿ ਮਾਨ ਦਾ ਫਰਾਂਸ ਦੌਰਾ ਮਾਰਕਫੈੱਡ ਦੀ ਸਿਆਲ (ਐਸ ਆਈ ਏ ਐਲ) ਫੂਡ ਪ੍ਰਦਰਸ਼ਨੀ ਵਿੱਚ ਸ਼ਮੂਲੀਅਤ ਨਾਲ ਜੁੜਿਆ ਹੋਇਆ ਹੈ, ਪਰ ਪੰਜਾਬ ਦੇ ਗੰਭੀਰ ਨਸ਼ਾ ਸੰਕਟ ਵਿਚਾਲੇ ਸਰਕਾਰ ਦੀਆਂ ਤਰਜੀਹਾਂ 'ਤੇ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ। ਉਨ੍ਹਾਂ ਮਾਨ ਨੂੰ ਪੈਰਿਸ ਵਿੱਚ ਪੱਤਰਕਾਰ ਹਰਮੀਤ ਸ਼ਾਹ ਸਿੰਘ ਵੱਲੋਂ ਬਣਾਇਆ ਗਿਆ ਇਤਿਹਾਸਕ ਵਾਕਿੰਗ-ਹਿਸਟਰੀ ਵਲੌਗ ਦੇਖਣ ਦੀ ਚੁਣੌਤੀ ਦਿੱਤੀ, ਜਿਸ ਵਿੱਚ ਮਹਾਰਾਜਾ ਦਲੀਪ ਸਿੰਘ ਦੇ ਆਖਰੀ ਪਤੇ ਅਤੇ ਉਨ੍ਹਾਂ ਦੀ ਮੌਤ ਨਾਲ ਸਬੰਧਤ ਦੋ ਵੱਖ-ਵੱਖ ਹਵਾਲਿਆਂ ਦੀ ਜਾਣਕਾਰੀ ਸਾਹਮਣੇ ਆਉਂਦੀ ਹੈ। ਸਰਨਾ ਨੇ ਸਵਾਲ ਕੀਤਾ ਕਿ ਕੀ ਮੁੱਖ ਮੰਤਰੀ ਆਪਣੇ ਫਰਾਂਸ ਦੌਰੇ ਦੌਰਾਨ ਉਸ ਥਾਂ 'ਤੇ ਜਾਣ ਲਈ ਕੁਝ ਸਮਾਂ ਕੱਢਣਗੇ ਅਤੇ ਫਰਾਂਸੀਸੀ ਅਧਿਕਾਰੀਆਂ ਕੋਲ ਮਹਾਰਾਜਾ ਦਲੀਪ ਸਿੰਘ ਦੀ ਯਾਦ ਵਿੱਚ ਢੁੱਕਵੀਂ ਯਾਦਗਾਰ ਜਾਂ ਤਖ਼ਤੀ ਲਗਾਉਣ ਦਾ ਮੁੱਦਾ ਉਠਾਉਣਗੇ। ਉਨ੍ਹਾਂ ਕਿਹਾ ਕਿ ਜੇ ਪੈਰਿਸ ਵਿੱਚ ਰਾਜਕੁਮਾਰੀ ਡਾਇਨਾ ਨਾਲ ਜੁੜੇ ਸਥਾਨ ਨੂੰ ਯਾਦਗਾਰ ਰਾਹੀਂ ਸਨਮਾਨ ਦਿੱਤਾ ਜਾ ਸਕਦਾ ਹੈ ਤਾਂ ਸਿੱਖ ਸਾਮਰਾਜ ਦੇ ਆਖਰੀ ਮਹਾਰਾਜਾ, ਜਿਸ ਨੇ ਉਸੇ ਸ਼ਹਿਰ ਵਿੱਚ ਆਖਰੀ ਸਾਹ ਲਏ, ਨੂੰ ਉਨ੍ਹਾਂ ਦੀ ਇਤਿਹਾਸਕ ਪਛਾਣ ਅਨੁਸਾਰ ਸਨਮਾਨ ਕਿਉਂ ਨਹੀਂ ਮਿਲ ਸਕਦਾ। ਸਰਨਾ ਨੇ ਤਨਜ਼ ਕਰਦਿਆਂ ਕਿਹਾ ਕਿ ਮਾਨ ਸ਼ਾਇਦ ਆਪਣੇ "ਪੈਰਿਸ ਦੌਰੇ" ਵਿੱਚ ਇਸ ਇਤਿਹਾਸਕ ਮੁੱਦੇ ਲਈ ਸਮਾਂ ਨਾ ਕੱਢਣ, ਪਰ ਅਕਾਲੀ ਦਲ ਇਹ ਮਾਮਲਾ ਦਿੱਲੀ ਸਥਿਤ ਫਰਾਂਸੀਸੀ ਦੂਤਾਵਾਸ ਕੋਲ ਉਠਾਏਗਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇਤਿਹਾਸ ਦਾ ਮਾਮਲਾ ਨਹੀਂ, ਸਗੋਂ ਫਰਾਂਸ ਦੀ ਧਰਤੀ 'ਤੇ ਸਿੱਖ ਵਿਰਾਸਤ ਦੀ ਪਛਾਣ ਅਤੇ ਸਨਮਾਨ ਨਾਲ ਜੁੜਿਆ ਮੁੱਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੰਗਾਂ ਨੂੰ ਲੈ ਕੇ ਜਥੇਬੰਦੀਆਂ ਨੇ ਐਸ.ਡੀ.ਐਮ ਨੂੰ ਦਿੱਤਾ ਮੰਗ ਪੱਤਰ



ਫ਼ਿਰੋਜ਼ਪੁਰ, 20 ਅਕਤੂਬਰ (ਮਨੋਹਰ ਲਾਲ):— ਮੰਗਾਂ ਨੂੰ ਲੈ ਕੇ ਜਥੇਬੰਦੀਆਂ ਦੇ ਆਗੂਆਂ ਨੇ ਐਸ.ਡੀ.ਐਮ ਫ਼ਿਰੋਜ਼ਪੁਰ ਨੂੰ ਮਿਲ ਕੇ ਦਿੱਤਾ ਮੰਗ ਪੱਤਰ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਸਪੱਸ਼ਟ ਕੀਤਾ ਕਿ ਐਸ.ਡੀ.ਐਮ ਫ਼ਿਰੋਜ਼ਪੁਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਇਸ ਮੌਕੇ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਫਿਰੋਜਪੁਰ, ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਜਗਦੀਪ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਵਾਰਿਸ ਪੰਜਾਬ, ਬਾਬਾ ਸਤਨਾਮ ਸਿੰਘ ਵੱਲੀਆਂ ਸੀਨੀਅਰ ਆਗੂ ਇੰਟਰਨੈਸਨਲ ਪੰਥਕ ਅਕਾਲੀ ਦਲ, ਦਵਿੰਦਰ ਸਿੰਘ ਪ੍ਰਧਾਨ ਕਿਸਾਨ ਯੂਨੀਅਨ ਮਝੈਲ, ਗੁਰਸੇਵਕ ਸਿੰਘ ਧਾਰੀਵਾਲ ਸੂਬਾ ਪ੍ਰਧਾਨ ਮਝੈਲ, ਅਮਰਜੀਤ ਸਿੰਘ ਘਾਰੂ, ਗੁਰਚਰਨ ਸਿੰਘ ਸੰਗਾ, ਅਵਤਾਰ ਸਿੰਘ, ਕਰਨਵੀਰ ਸਿੰਘ ਸਾਰੇ ਵਾਰਿਸ ਪੰਜਾਬ, ਮਾਨ ਸਿੰਘ ਕਿਲੀ ਮਿਸਲ ਸਤਲੁਜ, ਹਰਨੇਕ ਸਿੰਘ ਮਹਿੰਮਾ ਜਰਨਲ ਸਕੱਤਰ ਕਿਸਾਨ ਯੂਨੀਅਨ ਡਕੋਂਦਾ, ਸਾਰਜ ਸਿੰਘ ਸਰਪੰਚ, ਰਣਜੀਤ ਸਿੰਘ, ਜੁਗਰਾਜ ਸਿੰਘ, ਹਰਜੀਤ ਸਿੰਘ ਸੰਧੂ ਸਾਰੇ ਕਿਸਾਨ ਯੂਨੀਅਨ ਮਝੈਲ, ਪਰਮਜੀਤ ਸਿੰਘ ਭੁੱਲਰ ਮੀਤ ਪ੍ਰਧਾਨ ਕਿਸਾਨ ਯੂਨੀਅਨ ਸਿਧੂਪੁਰ, ਜਗੀਰ ਸਿੰਘ ਜਿਲ੍ਹਾ ਪ੍ਰਧਾਨ ਬੀ.ਕੇ.ਯੂ ਡਿਕੋਂਦਾ, ਗੁਰਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਵਾਰਿਸ ਪੰਜਾਬ, ਹੀਰਾ ਸਿੰਘ ਸੂਬਾ ਮੀਤ ਪ੍ਰਧਾਨ ਮਝੈਲ, ਬੋਹੜ ਸਿੰਘ ਜਿਲ੍ਹਾ ਪ੍ਰਧਾਨ, ਬੀਬੀ ਸੰਦੀਪ ਕੋਰ, ਬੀਬੀ ਕੁਲਵਿੰਦਰ ਕੋਰ ਭਾਵੜਾ ਜਿਲ੍ਹਾ ਪ੍ਰਧਾਨ ਮਿਸਲ ਸਤਲੁਜ, ਕਰਮਪਾਲ ਸਿੰਘ ਬੈਰਕਾਂ, ਰਣਜੀਤ ਸਿੰਘ ਆਦਿ ਨੇ ਪਰਮਿੰਦਰ ਸਿੰਘ ਝੋਟੇ ਦੇ ਬਣੀ ਕਮੇਟੀ ਮੁਤਾਬਕ ਕਾਰਵਾਈ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੇ ਸਮਾਜ ਸੇਵਕ ਪ੍ਰਕਾਸ਼ ਚੰਦ ਕੁਮਾਰ ਨੇ ਪਦਮ ਪੁਰਸਕਾਰ ਨਾਮਜ਼ਦਗੀ ਵਿੱਚ ਦੇਰੀ ਖ਼ਿਲਾਫ਼ ਰਾਸ਼ਟਰਪਤੀ ਨੂੰ ਲਿਖੀ ਅਰਜ਼ੀ



ਫ਼ਿਰੋਜ਼ਪੁਰ, 20 ਅਕਤੂਬਰ (ਮਨੋਹਰ ਲਾਲ):— ਪੰਜਾਬ ਦੇ ਸੀਨੀਅਰ ਨਾਗਰਿਕ ਅਤੇ ਸਮਾਜ ਸੁਧਾਰਕ ਪ੍ਰਕਾਸ਼ ਚੰਦ ਕੁਮਾਰ ਨੇ ਦੇਸ਼ ਦੇ ਮਾਨਯੋਗ ਰਾਸ਼ਟਰਪਤੀ ਨੂੰ ਪੱਤਰ ਲਿਖ ਕੇ ਆਪਣੇ ਪਦਮ ਪੁਰਸਕਾਰ ਦੀਆਂ ਨਾਮਜ਼ਦਗੀਆਂ ਵਿੱਚ 2013 ਤੋਂ ਹੋ ਰਹੀ ਲੰਬੀ ਦੇਰੀ ਦੀ ਨਿਰਪੱਖ ਜਾਂਚ ਅਤੇ ਫ਼ੈਸਲੇ ਦੀ ਅਪੀਲ ਕੀਤੀ ਹੈ। ਉਨ੍ਹਾਂ ਆਪਣੀ ਅਰਜ਼ੀ ਵਿੱਚ ਦੱਸਿਆ ਕਿ ਉਹ ਸਾਲ 2012 ਵਿੱਚ ਪੰਜਾਬ ਸਟੇਟ ਐਵਾਰਡ ਨਾਲ ਸਨਮਾਨਿਤ ਹੋ ਚੁੱਕੇ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਲੋਕ ਸਿਹਤ ਜਾਗਰੂਕਤਾ, ਸਿੱਖਿਆ, ਵਾਤਾਵਰਣ ਸੰਭਾਲ ਅਤੇ ਗ਼ਰੀਬਾਂ ਦੀ ਮਦਦ ਲਈ ਸਮਾਜ ਸੇਵਾ ਕਰ ਰਹੇ ਹਨ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਭੇਜੀਆਂ ਗਈਆਂ ਅਰਜ਼ੀਆਂ ਲੰਬੇ ਸਮੇਂ ਤੋਂ ਅੰਡਰ ਪ੍ਰੋਸੈਸ ਹਨ ਅਤੇ ਆਰ.ਟੀ.ਆਈ. ਅਤੇ ਐਸ.ਡੀ.ਐਮ. ਨਾਲ ਜੁੜੇ ਰਿਕਾਰਡਾਂ ਵਿੱਚ ਇਸ ਦੇਰੀ ਨੂੰ ਲੈ ਕੇ ਕਈ ਸਵਾਲ ਖੜ੍ਹੇ ਹੁੰਦੇ ਹਨ। ਪ੍ਰਕਾਸ਼ ਚੰਦ ਕੁਮਾਰ ਨੇ ਰਾਸ਼ਟਰਪਤੀ ਅੱਗੇ ਮੰਗ ਰੱਖੀ ਕਿ ਉਨ੍ਹਾਂ ਦੀਆਂ ਅਰਜ਼ੀਆਂ ਤੇ ਅਧਿਕਾਰਕ ਰਿਕਾਰਡਾਂ ਦੀ ਨਿਰਪੱਖ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨਾਮਜ਼ਦਗੀਆਂ ਦੀ ਸਥਿਤੀ ਦੀ ਤਸਦੀਕ ਕਰਕੇ ਉਨ੍ਹਾਂ ਨੂੰ ਸਹੀ ਚੈਨਲ ਰਾਹੀਂ ਅੱਗੇ ਵਧਾਇਆ ਜਾਵੇ ਅਤੇ ਇਸ ਲੰਬੀ ਦੇਰੀ ਪਿਛੇ ਲਿਖਤੀ ਸਪੱਸ਼ਟੀਕਰਨ ਅਤੇ ਠੋਸ ਫ਼ੈਸਲਾ ਦਿੱਤਾ ਜਾਵੇ। ਉਨ੍ਹਾਂ ਸਾਫ਼ ਕੀਤਾ ਕਿ ਉਨ੍ਹਾਂ ਦੀ ਇਹ ਅਪੀਲ ਸਿਰਫ਼ ਇੱਕ ਐਵਾਰਡ ਲਈ ਨਹੀਂ, ਸਗੋਂ ਪ੍ਰਸ਼ਾਸਨਿਕ ਪਾਰਦਰਸ਼ਤਾ, ਨਿਆਂ ਅਤੇ ਸਮਾਜ ਸੇਵਾ ਦੇ ਬਣਦੇ ਮਾਣ ਲਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਨਵਜੋਤ ਸਿੰਘ ਗੁਣੀ ਅਤੇ ਟੀਮ ਵੱਲੋਂ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਤਲਵੰਡੀ ਸਾਬੋ/ਮਾਨਸਾ, 20 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਅੱਜ ਨਵਜੋਤ ਸਿੰਘ ਗੁਣੀ ਅਤੇ ਟੀਮ ਵੱਲੋਂ ਮਾਨਸਾ ਵਿਖੇ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੇ ਨਿਵਾਸ 'ਤੇ ਜਾ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਟੀਮ ਨੇ ਸ਼ਹੀਦ ਦੇ ਪਿਤਾ ਸਰਦਾਰ ਭੀਮ ਸਿੰਘ ਜੀ ਅਤੇ ਪਰਿਵਾਰਕ ਮੈਂਬਰਾਂ ਨੂੰ ਮਿਲ ਕੇ ਹਮਦਰਦੀ ਪ੍ਰਗਟ ਕੀਤੀ। ਪਰਵਿੰਦਰ ਸਿੰਘ ਝੋਟਾ ਇੱਕ ਸੋਚ ਸੀ, ਜਿਸ ਨੇ 'ਨਸ਼ਾ ਰੋਕੋ-ਰੁਜ਼ਗਾਰ ਦਿਓ' ਮੁਹਿੰਮ ਰਾਹੀਂ ਨਸ਼ਾ-ਮੁਕਤ ਪੰਜਾਬ ਲਈ ਸ਼ਲਾਘਾਯੋਗ ਕੰਮ ਕੀਤਾ। ਉਹ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਦਿਨ-ਰਾਤ ਲੜ ਰਿਹਾ ਸੀ। 13 ਅਕਤੂਬਰ ਨੂੰ ਫੇਸਬੁੱਕ ਲਾਈਵ ਦੌਰਾਨ ਨਸ਼ਾ ਵਿਕਰੀ ਦਾ ਵਿਰੋਧ ਕਰਦੇ ਹੋਏ ਉਸਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ, ਜੋ ਕਿ ਪੰਜਾਬ ਲਈ ਬਹੁਤ ਵੱਡਾ ਘਾਟਾ ਹੈ। ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਸ਼ਹੀਦ ਪਰਵਿੰਦਰ ਸਿੰਘ ਝੋਟਾ ਪੰਜਾਬ ਲਈ ਸ਼ਹੀਦ ਹੋਇਆ ਹੈ। ਉਸਦੀ ਕੁਰਬਾਨੀ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਅਸੀਂ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਾਂ। ਪਰਿਵਾਰ ਦੀ ਸੀ ਬੀ ਆਈ ਜਾਂਚ ਦੀ ਮੰਗ ਦਾ ਅਸੀਂ ਸਵਾਗਤ ਕਰਦੇ ਹਾਂ ਅਤੇ ਮੰਗ ਕਰਦੇ ਹਾਂ ਕਿ ਇਨਸਾਫ਼ ਜਲਦੀ ਤੋਂ ਜਲਦੀ ਮਿਲੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਅੰਮ੍ਰਿਤਸਰ ਦੇ ਸਥਾਪਨਾ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਯਾਦਗਾਰੀ ਬਨਾਉਣ ਲਈ

# ਉਲੀਕੇ ਜਾਣਗੇ ਵਿਸ਼ੇਸ਼ ਸਮਾਗਮ- ਐਡਵੋਕੇਟ ਧਾਮੀ





☛ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਸੈਮੀਨਾਰ ਅਤੇ ਵੱਖ-ਵੱਖ ਥਾਵਾਂ 'ਤੇ ਹੋਣਗੇ ਕੀਰਤਨ ਦਰਬਾਰ ☛ ਐਡਵੋਕੇਟ ਧਾਮੀ ਦੀ ਅਗਵਾਈ 'ਚ ਧਰਮ ਪ੍ਰਚਾਰ ਕਮੇਟੀ ਤੇ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਹੋਈ ਇਕੱਤਰਤਾ

**ਅੰਮ੍ਰਿਤਸਰ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੱਜ ਧਰਮ ਪ੍ਰਚਾਰ ਕਮੇਟੀ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਦੀਆਂ ਹੋਈਆਂ ਇਕੱਤਰਤਾਵਾਂ ਵਿੱਚ ਅਗਲੇ ਸਾਲ 2027 ਵਿਚ ਆ ਰਹੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਥਾਪਨਾ ਦਿਵਸ ਦੀ 450 ਸਾਲਾ ਸ਼ਤਾਬਦੀ ਨੂੰ ਖ਼ਾਲਸਈ ਪ੍ਰੰਪਰਾਵਾਂ ਅਨੁਸਾਰ ਮਨਾਉਣ ਅਤੇ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਅਤੇ ਵੱਖ-ਵੱਖ ਥਾਵਾਂ 'ਤੇ ਕੀਰਤਨ ਸਮਾਗਮ ਆਯੋਜਿਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 2027 'ਚ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਦਾ 450 ਸਾਲਾ ਦਿਹਾੜਾ ਮਨਾਇਆ ਜਾਣਾ ਹੈ, ਜਿਸ ਨੂੰ ਲੈ ਕੇ ਅੱਜ ਵਿਚਾਰ-ਚਰਚਾ ਹੋਈ। ਉਨ੍ਹਾਂ ਕਿਹਾ ਕਿ ਇਸ ਦਿਹਾੜੇ ਨੂੰ ਯਾਦਗਾਰ ਬਨਾਉਣ ਲਈ ਜਿਥੇ ਵਿਸ਼ੇਸ਼ ਸਮਾਗਮ ਉਲੀਕੇ ਜਾਣਗੇ, ਉਥੇ ਹੀ ਸਿੱਖ ਇਤਿਹਾਸ ਰੀਸਰਚ ਬੋਰਡ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਨਾਲ ਸਬੰਧਤ ਖੋਜ ਭਰਪੂਰ ਲੇਖਾ ਦੀ ਕਿਤਾਬ ਤਿਆਰ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਹ ਵੀ ਫੈਸਲਾ ਕੀਤਾ ਗਿਆ ਕਿ ਹੁਣ ਤੱਕ ਸਿੱਖ ਇਤਿਹਾਸ ਨਾਲ ਮਨਾਈਆਂ ਗਈਆਂ ਸ਼ਤਾਬਦੀਆਂ ਦੇ ਸਮਾਗਮਾਂ, ਇਤਿਹਾਸਕ ਦਸਤਾਵੇਜ਼ਾਂ ਅਤੇ ਵੱਖ-ਵੱਖ ਸਮੇਂ ਹੋਏ ਪੰਥਕ ਇਕੱਠਾਂ ਦੇ ਵੇਰਵਿਆਂ ਨੂੰ ਵੀ ਸਥਾਈ ਤੌਰ 'ਤੇ ਸੰਭਾਲਣ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਵੇਗਾ। ਸ਼ਤਾਬਦੀਆਂ ਦੇ ਰਿਕਾਰਡ ਨੂੰ ਇਕੱਤਰ ਕਰਕੇ ਪੁਸਤਕ ਰੂਪ ਵਿਚ ਸੰਭਾਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿੱਖ ਰੈਫਰੈਂਸ ਲਾਇਬ੍ਰੇਰੀ ਵਿਚ ਸੰਭਾਲੀਆਂ ਹੋਈਆਂ ਇਤਿਹਾਸਕ ਤਸਵੀਰਾਂ ਨਾਲ ਸਬੰਧਤ ਘਟਨਾ ਦੀ ਮਿਤੀ, ਸਥਾਨ ਅਤੇ ਉਸ ਵਿਚ ਸ਼ਾਮਲ ਸ਼ਖ਼ਸੀਅਤਾਂ ਬਾਰੇ ਜਾਣਕਾਰੀ ਦਰਜ ਕਰਨ ਦੇ ਕਾਰਜ ਨੂੰ ਵੀ ਅਮਲੀ ਰੂਪ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਜਿਥੇ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਗੁਰਬਾਣੀ ਅਤੇ ਗੁਰਮਤਿ ਵਿਚਾਰਧਾਰਾ ਦੇ ਪ੍ਰਚਾਰ-ਪ੍ਰਸਾਰ ਨੂੰ ਵਿਸ਼ੇਸ਼ ਤਰਜੀਹ ਦੇਣ ਦਾ ਫੈਸਲਾ ਕੀਤਾ ਗਿਆ, ਉਥੇ ਹੀ ਭਗਤ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਉਨ੍ਹਾਂ ਦੀ ਬਾਣੀ ਅਤੇ ਜੀਵਨ ਫਲਸਫ਼ੇ ਨਾਲ ਸੰਗਤਾਂ ਨੂੰ ਜੋੜਨ ਲਈ ਵਿਸ਼ੇਸ਼ ਸੈਮੀਨਾਰ ਅਤੇ ਕੀਰਤਨ ਸਮਾਗਮ ਕਰਵਾਉਣ ਨੂੰ ਪ੍ਰਵਾਨਗੀ ਵੀ ਦਿੱਤੀ ਗਈ।

ਇਸ ਮੌਕੇ ਸਕਾਲਰ ਡਾ. ਹਰਪ੍ਰੀਤ ਕੌਰ ਵੱਲੋਂ ਤਿਆਰ ਕੀਤੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਸਚਿੱਤਰ ਪੁਸਤਕ ਵੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਵੱਲੋਂ ਸੰਗਤ ਅਰਪਣ ਕੀਤੀ ਗਈ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਅਵਤਾਰ ਸਿੰਘ ਵਣਵਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਤੇਜਿੰਦਰਪਾਲ ਸਿੰਘ ਲਾਂਡਵਾਂ, ਸ. ਰਾਮਪਾਲ ਸਿੰਘ ਬਹਿਣੀਵਾਲ, ਸਿੱਖ ਇਤਿਹਾਸ ਰੀਸਰਚ ਬੋਰਡ ਦੇ ਮੈਂਬਰ ਸ. ਹਰਿੰਦਰ ਸਿੰਘ ਖ਼ਾਲਸਾ, ਡਾ. ਪਰਮਵੀਰ ਸਿੰਘ, ਡਾ. ਇੰਦਰਜੀਤ ਸਿੰਘ ਗੋਗੋਆਣੀ, ਡਾ. ਪ੍ਰਭਜੋਤ ਕੌਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਅਜ਼ਾਦ ਦੀਪ ਸਿੰਘ, ਐਕਸੀਅਨ ਸ. ਸੁਖਜਿੰਦਰ ਸਿੰਘ, ਇੰਚਾਰਜ ਸ. ਬਲਦੇਵ ਸਿੰਘ, ਡਾ. ਅਮਰਜੀਤ ਕੌਰ, ਸਕਾਲਰ ਡਾ. ਹਰਪ੍ਰੀਤ ਕੌਰ, ਬੀਬੀ ਕਿਰਨਦੀਪ ਕੌਰ, ਲਾਇਬ੍ਰੇਰੀਅਨ ਬੀਬੀ ਰਾਜਵਿੰਦਰ ਕੌਰ ਆਦਿ ਮੌਜੂਦ ਸਨ।

## ਜੀ.ਟੀ.ਬੀ. ਕਾਲਜ ਰਾਜੌਰੀ ਗਾਰਡਨ ਵਿਖੇ ਬੱਚਿਆਂ ਵਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

# 350 ਸਾਲਾ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਨੂੰ ਸਮਰਪਿਤ ਸਹਿਜ ਪਾਠ ਆਰੰਭ



ਨਵੀਂ ਦਿੱਲੀ 20 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਨੂੰ ਸਮਰਪਿਤ ਜੀ.ਟੀ.ਬੀ. ਕਾਲਜ, ਰਾਜੌਰੀ ਗਾਰਡਨ ਵਿਖੇ ਕਾਲਜ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਸ੍ਰੀ ਸਹਿਜ ਪਾਠ ਆਰੰਭ ਕੀਤੇ ਗਏ। ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ਼ ਨੇ ਗੁਰੂ ਸਾਹਿਬ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕਰਦਿਆਂ ਗੁਰਬਾਣੀ ਨਾਲ ਜੁੜਨ ਦਾ ਸੰਕਲਪ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੀਨੀਅਰ ਮੈਂਬਰ ਅਤੇ ਕਾਲਜ ਦੀ ਚੇਅਰਮੈਨ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਨਿਰਭੈਤਾ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸ਼ਹੀਦੀ ਸ਼ਤਾਬਦੀ ਦੀ ਸੰਪੂਰਨਤਾ ਮੌਕੇ ਅਜਿਹੇ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਮਹਾਨ ਵਿਚਾਰਧਾਰਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਸਹਿਜ ਪਾਠ ਆਰੰਭ ਕਰਨਾ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸੱਚੀ ਸ਼ਰਧਾਂਜਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਸਾਨੂੰ ਸੱਚ, ਧਰਮ, ਸੇਵਾ ਅਤੇ ਮਨੁੱਖਤਾ ਦੀ ਰੱਖਿਆ ਲਈ ਹਰ ਕੁਰਬਾਨੀ ਦੇਣ ਦੀ ਪ੍ਰੇਰਨਾ ਦਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਆਨਲਾਈਨ ਗੇਮਿੰਗ ਦੇ ਮਾੜੇ ਪ੍ਲ.ਫ ਨੈਸ਼ਨਲ ਅਕਾਲੀ ਦਲ ਚਲਾਏਗਾ ਜਾਗਰੂਕਤਾ ਮੁਹਿੰਮ

## ਬੱਚਿਆਂ ਨੂੰ ਮੋਬਾਈਲ ਤੇ ਗੇਮਿੰਗ ਦੀ ਲਤ ਤੋਂ ਬਚਾਉਣ ਲਈ ਖੇਡਾਂ, ਡਰਾਇੰਗ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਦੀ ਹੋਵੇਗੀ ਪਹਿਲ




ਨਵੀਂ ਦਿੱਲੀ, 20 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਬੱਚਿਆਂ ਵਿੱਚ ਵੱਧ ਰਹੀ ਆਨਲਾਈਨ ਗੇਮਿੰਗ ਦੀ ਆਦਤ ਅਤੇ ਇਸ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਨੈਸ਼ਨਲ ਅਕਾਲੀ ਦਲ ਦੀ ਸੋਸ਼ਲ ਵਿੰਗ ਵੱਲੋਂ 25 ਅਕਤੂਬਰ ਨੂੰ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਜਾਵੇਗਾ। ਸੋਸ਼ਲ ਵਿੰਗ ਦੀ ਕੌਮੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਦੀ ਅਗਵਾਈ ਹੇਠ ਹੋਣ ਵਾਲੇ ਇਸ ਪ੍ਰੋਗਰਾਮ ਵਿੱਚ ਨੈਸ਼ਨਲ ਅਕਾਲੀ ਦਲ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਦੌਰਾਨ ਬੱਚਿਆਂ ਨੂੰ ਮੋਬਾਈਲ ਅਤੇ ਆਨਲਾਈਨ ਗੇਮਿੰਗ ਦੀ ਬਜਾਏ ਖੇਡਾਂ, ਡਰਾਇੰਗ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਜਾਵੇਗਾ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੇ ਸਿਹਤਮੰਦ ਤੇ ਰਚਨਾਤਮਕ ਵਿਕਾਸ ਲਈ ਮਾਪਿਆਂ ਅਤੇ ਸਮਾਜ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮੋਬਾਈਲ ਅਤੇ ਗੇਮਿੰਗ ਤੱਕ ਸੀਮਤ ਕਰਨ ਦੀ ਬਜਾਏ ਖੇਡਾਂ, ਕਲਾ ਅਤੇ ਹੋਰ ਸਕਾਰਾਤਮਕ ਗਤੀਵਿਧੀਆਂ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਰਸ਼ਮੀਤ ਕੌਰ ਬਿੰਦਰਾ ਨੇ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਬੱਚਿਆਂ ਨੂੰ ਆਨਲਾਈਨ ਗੇਮਿੰਗ ਦੇ ਸੰਭਾਵਿਤ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਨਾਲ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਬਿਹਤਰ ਮੌਕੇ ਦੇਣਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਸਮਾਂ ਦੇਣ ਅਤੇ ਉਨ੍ਹਾਂ ਨੂੰ ਖੇਡਾਂ ਤੇ ਰਚਨਾਤਮਕ ਕੰਮਾਂ ਨਾਲ ਜੋੜਨ। ਨੈਸ਼ਨਲ ਅਕਾਲੀ ਦਲ ਨੇ ਕਿਹਾ ਕਿ ਬੱਚਿਆਂ ਨੂੰ ਸਿਰਫ਼ ਗੇਮਿੰਗ ਤੋਂ ਦੂਰ ਕਰਨ ਦੀ ਬਜਾਏ ਉਨ੍ਹਾਂ ਨੂੰ ਚੰਗੇ ਅਤੇ ਰਚਨਾਤਮਕ ਬਦਲ ਦੇਣਾ ਵੀ ਜ਼ਰੂਰੀ ਹੈ। ਇਸੇ ਉਦੇਸ਼ ਨਾਲ ਇਹ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਿਤ ਸ਼ਾਹ ਕੋਲੋਂ 'ਚਿੱਟਾ' ਕਿੱਥੋਂ ਆਉਂਦਾ ਹੈ ਪੁੱਛਣਾ ਪਿਆ ਮਹਿੰਗਾ ?—ਸਨਮੀਤ ਸਿੰਘ ਨੂੰ ਮਿਲੇ ਧਮਕੀ ਭਰੇ ਫੋਨ, ਸੁਰੱਖਿਆ ਤੇ ਐਫਆਈਆਰ ਦੀ ਮੰਗ



ਨਵੀਂ ਦਿੱਲੀ 20 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕੋਲੋਂ ਪੰਜਾਬ ਵਿੱਚ ਨੌਜਵਾਨਾਂ ਤੱਕ ਪਹੁੰਚ ਰਹੇ 'ਚਿੱਟੇ' ਦੇ ਸਰੋਤ ਬਾਰੇ ਪੰਥਕ ਅਖ਼ਬਾਰਾਂ ਰਾਹੀਂ ਸਵਾਲ ਪੁੱਛੇ ਜਾਣ ਤੋਂ ਬਾਅਦ ਇੰਦੌਰ ਵਾਸੀ ਭਾਈ ਸਨਮੀਤ ਸਿੰਘ ਨੂੰ ਕਥਿਤ ਤੌਰ 'ਤੇ ਧਮਕੀ ਭਰੇ ਫੋਨ ਆਉਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਕ ਸਨਮੀਤ ਸਿੰਘ ਵੱਲੋਂ ਪੰਥਕ ਅਖ਼ਬਾਰਾਂ ਵਿੱਚ ਛਪੀਆਂ ਇਨ੍ਹਾਂ ਖ਼ਬਰਾਂ ਅਤੇ ਸਵਾਲਾਂ ਦੀਆਂ ਕਤਰਣਾਂ ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ ਗਈਆਂ ਸਨ। ਇਸ ਤੋਂ ਬਾਅਦ 'ਆਲ ਪਾਰਟੀ ਵਲੰਟੀਅਰ ਪੰਜਾਬ' ਨਾਮਕ ਵਟਸਐਪ ਗਰੁੱਪ ਦੇ ਪ੍ਰਬੰਧਕ ਵੱਲੋਂ ਉਨ੍ਹਾਂ ਨੂੰ ਫੋਨ ਕਰਕੇ ਕਤਰਣਾਂ ਅੱਗੇ ਸਾਂਝੀਆਂ ਕਰਨ ਨੂੰ ਲੈ ਕੇ ਕਥਿਤ ਤੌਰ 'ਤੇ ਧਮਕਾਇਆ ਗਿਆ। ਮਾਮਲੇ ਨੂੰ ਗੰਭੀਰ ਦੱਸਦਿਆਂ ਪੰਜਾਬ ਅਤੇ ਮੱਧ ਪ੍ਰਦੇਸ਼ ਪੁਲਿਸ ਦੇ ਉੱਚ ਅਧਿਕਾਰੀਆਂ ਸਮੇਤ ਖੁਫੀਆ ਏਜੰਸੀਆਂ, ਸੁਪਰੀਮ ਕੋਰਟ, ਮੱਧ ਪ੍ਰਦੇਸ਼ ਹਾਈ ਕੋਰਟ, ਰਾਸ਼ਟਰਪਤੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਸਾਹਿਬਾਨ ਤੋਂ ਤੁਰੰਤ ਨੋਟਿਸ ਲੈਣ ਦੀ ਮੰਗ ਕੀਤੀ ਗਈ ਹੈ। ਪੀੜਿਤ ਵਲੋਂ ਮੰਗ ਕੀਤੀ ਗਈ ਹੈ ਕਿ ਧਮਕੀ ਭਰੇ ਫੋਨ ਦੀ ਤੁਰੰਤ ਐਫਆਈਆਰ ਦਰਜ ਕਰਕੇ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਓਨ੍ਹਾ ਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਨਾਲ ਹੀ ਕਿਹਾ ਗਿਆ ਹੈ ਕਿ ਜੇਕਰ ਧਮਕੀਆਂ ਦੇਣ ਵਾਲਿਆਂ ਵੱਲੋਂ ਕਿਸੇ ਵੀ ਤਰ੍ਹਾਂ ਦਾ ਜਾਨੀ-ਮਾਲੀ ਨੁਕਸਾਨ ਕਰਨ, ਝੂਠੇ ਮਾਮਲੇ ਵਿੱਚ ਫਸਾਉਣ ਜਾਂ ਹੋਰ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਇਸ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਅਨੁਸਾਰ ਜਵਾਬਦੇਹ ਬਣਾਇਆ ਜਾਵੇ। ਮਾਮਲੇ ਨਾਲ ਜੁੜੇ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਦੇਸ਼ ਦੇ ਗ੍ਰਹਿ ਮੰਤਰੀ ਕੋਲੋਂ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਅਤੇ 'ਚਿੱਟੇ' ਦੀ ਸਪਲਾਈ ਬਾਰੇ ਸਵਾਲ ਪੁੱਛਣਾ ਜਾਂ ਉਸ ਨਾਲ ਸਬੰਧਤ ਖ਼ਬਰ ਸਾਂਝੀ ਕਰਨਾ ਵੀ ਧਮਕੀਆਂ ਦਾ ਕਾਰਨ ਬਣੇਗਾ, ਤਾਂ ਇਹ ਆਜ਼ਾਦੀ ਨਾਲ ਸਵਾਲ ਪੁੱਛਣ ਅਤੇ ਆਪਣੀ ਗੱਲ ਰੱਖਣ ਦੇ ਹੱਕ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਦੁਸਹਿਰਾ ਪੁਰਬ (ਮਹੱਲਾ) ਪੂਰੇ ਜਾਹੋ-ਜਲਾਲ ਅਤੇ

# ਚੜ੍ਹਦੀ ਕਲਾ ਨਾਲ ਮਨਾਇਆ ਗਿਆ: ਡਾ. ਸ. ਵਿਜੇ ਸਤਬੀਰ ਸਿੰਘ










**ਚੌਕ ਮਹਿਤਾ,20 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਪੁਰਾਤਨ ਸਮੇਂ ਤੋਂ ਚਲੀ ਆ ਰਹੀ ਮਰਿਯਾਦਾ ਅਨੁਸਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੁਸਹਿਰਾ ਪੁਰਬ (ਮਹੱਲਾ) ਮਾਨਯੋਗ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਪੂਰੇ ਜਾਹੋ-ਜਲਾਲ ਅਤੇ ਧਾਰਮਿਕ ਰਵਾਇਤਾਂ ਅਨੁਸਾਰ ਵੱਡੇ ਪੱਧਰ 'ਤੇ ਮਨਾਇਆ ਗਿਆ ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਬੰਧਕ ਡਾ. ਸ. ਵਿਜੇ ਸਤਬੀਰ ਸਿੰਘ ਜੀ I.A.S.(R.) ਨੇ ਦੱਸਿਆ ਕਿ ਮਿਤੀ 11 ਅਕਤੂਬਰ 2026 ਤੋਂ ਰੋਜ਼ਾਨਾ ਰਾਤ 9:00 ਵਜੇ ਤੋਂ 12:00 ਵਜੇ ਤੱਕ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਰਚਿਤ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਬਾਣੀ ਵਿੱਚੋਂ ਜੁੱਧਮਈ (ਚੰਡੀ) ਬਾਣੀ ਦੇ ਪਾਠ ਕੀਤੇ ਜਾ ਰਹੇ ਸਨ। ਅੱਜ ਮਿਤੀ 20 ਅਕਤੂਬਰ 2026 ਨੂੰ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਭਾਈ ਸਰਬਜੀਤ ਸਿੰਘ ਜੀ ਨਿਰਮਲੇ ਵੱਲੋਂ ਇਸ ਪਾਠ ਦੀ ਸੰਪੂਰਨਤਾ (ਸਮਾਪਤੀ) ਕੀਤੀ ਗਈ। ਇਸ ਉਪਰੰਤ ਗੁਰੂ ਸਾਹਿਬ ਜੀ ਦੇ ਇਤਿਹਾਸਕ ਸ਼ਸਤਰਾਂ ਨੂੰ ਪੂਜਨ ਅਤੇ ਤਿਲਕ ਆਦਿ ਕਰਨ ਦੀ ਰਸਮ ਬੜੀ ਸ਼ਰਧਾ ਭਾਵਨਾ ਨਾਲ ਅਦਾ ਕੀਤੀ ਗਈ। ਸ਼ਾਮ ਠੀਕ 4:00 ਵਜੇ ਮੀਤ ਜਥੇਦਾਰ ਸਿੰਘ ਸਾਹਿਬ ਭਾਈ ਰਾਮ ਸਿੰਘ ਜੀ ਵੱਲੋਂ ਪਰੰਪਰਾਗਤ ਮਹੱਲੇ ਦੀ ਆਰੰਭਤਾ ਦੀ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਮਹੱਲੇ ਦੀ ਆਰੰਭਤਾ ਹੋਈ। ਇਸ ਵਿਸ਼ਾਲ ਮਹੱਲੇ ਵਿੱਚ ਗੁਰੂ ਸਾਹਿਬ ਜੀ ਦੇ ਨਿਸ਼ਾਨ ਸਾਹਿਬ, ਘੋੜੇ, ਨਗਾਰੇ, ਕੀਰਤਨੀ ਜਥੇ, ਗੱਤਕਾ ਪਾਰਟੀਆਂ, ਦਲ-ਪੰਥਾਂ ਦੇ ਮੁਖੀ ਅਤੇ ਦੇਸ਼-ਵਿਦੇਸ਼ ਤੋਂ ਆਈਆਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਸ਼ਾਮਿਲ ਹੋਈ । ਇਹ ਮਹੱਲਾ ਆਪਣੇ ਪਰੰਪਰਾਗਤ ਮਾਰਗਾਂ ਤੋਂ ਹੁੰਦਾ ਹੋਇਆ ਹੱਲਾ ਬੋਲ ਚੌਕ (ਮਹਾਵੀਰ ਚੌਕ) ਵਿਖੇ ਪੁੱਜਿਆ, ਜਿੱਥੇ ਪੁਰਾਤਨ ਰਵਾਇਤ ਅਨੁਸਾਰ ਅਰਦਾਸ ਕਰਕੇ 'ਹੱਲਾ' ਖੇਡਿਆ ਗਿਆ। ਇਸ ਉਪਰੰਤ ਮਹੱਲਾ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਪੁੱਜਿਆ, ਜਿੱਥੇ ਭਜਨ-ਕੀਰਤਨ ਤੋਂ ਬਾਅਦ ਰਵਾਇਤੀ ਮਾਰਗਾਂ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਨਗੀਨਾ ਘਾਟ ਸਾਹਿਬ ਵਿਖੇ ਪਹੁੰਚਿਆ, ਉੱਥੇ ਭਜਨ-ਪੂਜਨ ਅਤੇ ਅਰਦਾਸ ਕਰਨ ਉਪਰੰਤ ਦੇਰ ਰਾਤ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਇਸ ਮਹੱਲੇ ਦੀ ਸਮਾਪਤੀ ਹੋਵੇਗੀ। ਡਾ. ਸ. ਵਿਜੇ ਸਤਬੀਰ ਸਿੰਘ ਜੀ ਨੇ ਅੱਗੇ ਦੱਸਿਆ ਕਿ ਅੱਜ ਦੇ ਇਸ ਮਹੱਲੇ ਵਿੱਚ ਪੰਜਾਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੀਆਂ ਗੁਰੂ ਦੀਆਂ ਲਾਡਲੀਆਂ ਫ਼ੌਜਾਂ (ਨਿਹੰਗ ਸਿੰਘ ਜਥੇਬੰਦੀਆਂ), ਸਮੂਹ ਦਲ-ਪੰਥਾਂ ਦੇ ਜਥੇਦਾਰ ਸਾਹਿਬਾਨ ਅਤੇ ਉਨ੍ਹਾਂ ਦੇ ਘੋੜੇ ਤੇ ਹਾਥੀ ਸੰਗਤਾਂ ਲਈ ਮੁੱਖ ਆਕਰਸ਼ਣ ਦਾ ਕੇਂਦਰ ਬਣੇ ਰਹੇ। ਇਸ ਮੌਕੇ ਪ੍ਰਬੰਧਕ ਸਾਹਿਬ ਦੇ ਸਲਾਹਕਾਰ ਸ. ਜਸਵੰਤ ਸਿੰਘ ਬੌਬੀ, ਗੁਰਦੁਆਰਾ ਬੋਰਡ ਦੇ ਸੁਪਰਡੈਂਟ ਸ. ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ ਸ. ਜੈਮਲ ਸਿੰਘ ਢਿੱਲੋਂ, ਸਹਾ. ਸੁਪਰਡੈਂਟ ਸ. ਬਲਵਿੰਦਰ ਸਿੰਘ ਫ਼ੌਜੀ ਸਮੇਤ ਗੁਰਦੁਆਰਾ ਸਾਹਿਬ ਦੇ ਸਮੂਹ ਮੁੱਖ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ।

**ਵਿਸ਼ੇਸ਼** :- ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਦੁਸਹਿਰਾ ਮਹੱਲਾ ਖੇਡਣ ਪਹੁੰਚੇ ਦਲ ਪੰਥ ਵੱਲੋਂ ਮਿਤੀ 21.10.2026 ਨੂੰ ਸ਼ਾਮ 4:00 ਵਜੇ ਗੁਰਦੁਆਰਾ ਬਾਉਲੀ ਸਾਹਿਬ ਦੇ ਨੇੜੇ ਗੁਰਦੁਆਰਾ ਸਾਹਿਬ ਦੇ ਖੁੱਲੇ ਮੈਦਾਨ ਵਿੱਖੇ ਘੋੜ ਦੌੜ, ਨੇਜਾ ਬਾਜੀ ਦੇ ਜੌਹਰ ਦਿਖਾਏ ਜਾਣਗੇ ।

### ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿੱਖੇ ਦੁਸਹਿਰਾ ਪੁਰਬ (ਮਹੱਲਾ)

# ਚੜ੍ਹਦੀ ਕਲਾ ਨਾਲ ਮਨਾਇਆ: ਡਾ. ਵਿਜੇ ਸਤਬੀਰ ਸਿੰਘ



**ਨਵੀਂ ਦਿੱਲੀ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿੱਖੇ ਪੁਰਾਤਨ ਸਮੇਂ ਤੋਂ ਚਲੀ ਆ ਰਹੀ ਮਰਿਯਾਦਾ ਅਨੁਸਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੁਸਹਿਰਾ ਪੁਰਬ (ਮਹੱਲਾ) ਮਾਨਯੋਗ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਪੂਰੇ ਜਾਹੋ-ਜਲਾਲ ਅਤੇ ਧਾਰਮਿਕ ਰਵਾਇਤਾਂ ਅਨੁਸਾਰ ਵੱਡੇ ਪੱਧਰ 'ਤੇ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਨੇ ਦੱਸਿਆ ਕਿ 11 ਅਕਤੂਬਰ 2026 ਤੋਂ ਰੋਜ਼ਾਨਾ ਰਾਤ 9:00 ਵਜੇ ਤੋਂ 12:00 ਵੱਜੇ ਤੱਕ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਰਚਿਤ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਬਾਣੀ ਵਿੱਚੋਂ ਜੁੱਧਮਈ (ਚੰਡੀ) ਬਾਣੀ ਦੇ ਪਾਠ ਕੀਤੇ ਜਾ ਰਹੇ ਸਨ। ਅੱਜ 20 ਅਕਤੂਬਰ 2026 ਨੂੰ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਭਾਈ ਸਰਬਜੀਤ ਸਿੰਘ ਜੀ ਨਿਰਮਲੇ ਵੱਲੋਂ ਇਸ ਪਾਠ ਦੀ ਸੰਪੂਰਨਤਾ ਕੀਤੀ ਗਈ। ਇਸ ਉਪਰੰਤ ਗੁਰੂ ਸਾਹਿਬ ਜੀ ਦੇ ਇਤਿਹਾਸਕ ਸ਼ਸਤਰਾਂ ਨੂੰ ਪੂਜਨ ਅਤੇ ਤਿਲਕ ਆਦਿ ਕਰਨ ਦੀ ਰਸਮ ਬੜੀ ਸ਼ਰਧਾ ਭਾਵਨਾ ਨਾਲ ਅਦਾ ਕੀਤੀ ਗਈ। ਸ਼ਾਮ ਨੂੰ ਮੀਤ ਜਥੇਦਾਰ ਸਿੰਘ ਸਾਹਿਬ ਭਾਈ ਰਾਮ ਸਿੰਘ ਜੀ ਵੱਲੋਂ ਪ੍ਰੰਪਰਾਗਤ ਮਹੱਲੇ ਦੀ ਆਰੰਭਤਾ ਦੀ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਮਹੱਲੇ ਦੀ ਆਰੰਭਤਾ ਹੋਈ। ਇਸ ਵਿਸ਼ਾਲ ਮਹੱਲੇ 'ਚ ਗੁਰੂ ਸਾਹਿਬ ਜੀ ਦੇ ਨਿਸ਼ਾਨ ਸਾਹਿਬ, ਘੋੜੇ, ਨਗਾਰੇ, ਕੀਰਤਨੀ ਜੱਥੇ, ਗੱਤਕਾ ਪਾਰਟੀਆਂ, ਦਲ-ਪੰਥਾਂ ਦੇ ਮੁੱਖੀ ਅਤੇ ਦੇਸ਼-ਵਿਦੇਸ਼ ਤੋਂ ਆਈਆਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਸ਼ਾਮਿਲ ਹੋਈ। ਇਹ ਮਹੱਲਾ ਆਪਣੇ ਪ੍ਰੰਪਰਾਗਤ ਮਾਰਗਾਂ ਤੋਂ ਹੁੰਦਾ ਹੋਇਆ ਹੱਲਾ ਬੋਲ ਚੌਕ (ਮਹਾਵੀਰ ਚੌਕ) ਵਿੱਖੇ ਪੁੱਜਿਆ, ਜਿੱਥੇ ਪੁਰਾਤਨ ਰਵਾਇਤ ਅਨੁਸਾਰ ਅਰਦਾਸ ਕਰਕੇ ਹੱਲਾ ਖੇਡਿਆ ਗਿਆ। ਇਸ ਉਪਰੰਤ ਮਹੱਲਾ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਪੁੱਜਿਆ, ਜਿੱਥੇ ਭਜਨ-ਕੀਰਤਨ ਤੋਂ ਬਾਅਦ ਰਵਾਇਤੀ ਮਾਰਗਾਂ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਨਗੀਨਾ ਘਾਟ ਸਾਹਿਬ ਵਿੱਖੇ ਪਹੁੰਚਿਆ, ਉੱਥੇ ਭਜਨ-ਪੂਜਨ ਅਤੇ ਅਰਦਾਸ ਕਰਨ ਉਪਰੰਤ ਦੇਰ ਰਾਤ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਇਸ ਮਹੱਲੇ ਦੀ ਸਮਾਪਤੀ ਹੋਵੇਗੀ।ਡਾ. ਵਿਜੇ ਸਤਬੀਰ ਸਿੰਘ ਨੇ ਅੱਗੇ ਦੱਸਿਆ ਕਿ ਅੱਜ ਦੇ ਇਸ ਮਹੱਲੇ ਵਿੱਚ ਪੰਜਾਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੀਆਂ ਗੁਰੂ ਦੀਆਂ ਲਾਡਲੀਆਂ ਫ਼ੌਜਾਂ (ਨਿਹੰਗ ਸਿੰਘ ਜਥੇਬੰਦੀਆਂ), ਸਮੂਹ ਦਲ-ਪੰਥਾਂ ਦੇ ਜਥੇਦਾਰ ਸਾਹਿਬਾਨ ਅਤੇ ਉਨ੍ਹਾਂ ਦੇ ਘੋੜੇ ਤੇ ਹਾਥੀ ਸੰਗਤਾਂ ਲਈ ਮੁੱਖ ਆਕਰਸ਼ਣ ਦਾ ਕੇਂਦਰ ਬਣੇ ਰਹੇ। ਇਸ ਮੌਕੇ ਪ੍ਰਬੰਧਕ ਸਾਹਿਬ ਦੇ ਸਲਾਹਕਾਰ ਸ. ਜਸਵੰਤ ਸਿੰਘ ਬੌਬੀ, ਗੁਰਦੁਆਰਾ ਬੋਰਡ ਦੇ ਸੁਪਰਡੈਂਟ ਸ. ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ ਸ. ਜੈਮਲ ਸਿੰਘ ਢਿੱਲੋਂ, ਸਹਾ. ਸੁਪਰਡੈਂਟ ਸ. ਬਲਵਿੰਦਰ ਸਿੰਘ ਫ਼ੌਜੀ ਸਮੇਤ ਗੁਰਦੁਆਰਾ ਸਾਹਿਬ ਦੇ ਸਮੂਹ ਮੁੱਖ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ। ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿੱਖੇ ਦੁਸਹਿਰਾ ਮਹੱਲਾ ਖੇਡਣ ਪਹੁੰਚੇ ਦਲ ਪੰਥ ਵੱਲੋਂ ਅੱਜ 21 ਅਕਤੂਬਰ ਨੂੰ ਸ਼ਾਮ 4 ਵਜੇ ਗੁਰਦੁਆਰਾ ਬਾਉਲੀ ਸਾਹਿਬ ਦੇ ਨੇੜੇ ਗੁਰਦੁਆਰਾ ਸਾਹਿਬ ਦੇ ਖੁੱਲੇ ਮੈਦਾਨ ਵਿੱਖੇ ਘੋੜ ਦੌੜ, ਨੇਜਾ ਬਾਜੀ ਦੇ ਜੌਹਰ ਦਿਖਾਏ ਜਾਣਗੇ ।

## ਪੰਜਾਬ ਵਿੱਚ ਨਸ਼ਿਆਂ ਦੇ ਖਾਤਮੇ ਲਈ 2029 ਤੱਕ ਦੀ ਉਡੀਕ ਕਿਉਂ ? ਸਿਆਸੀ ਇੱਛਾ ਸ਼ਕਤੀ ਅਤੇ 1997 ਤੋਂ ਹੁਣ ਤੱਕ ਦੇ

# ਸਾਰੇ ਡਰੱਗ ਮਾਮਲਿਆਂ ਦੀ ਸੀਬੀਆਈ ਜਾਂਚ ਹੋਵੇ: ਕਰਨੈਲ ਸਿੰਘ ਪੀਰ ਮੁਹੰਮਦ ਅਤੇ ਦਵਿੰਦਰ ਸਿੰਘ ਸੋਢੀ



**ਚੰਡੀਗੜ੍ਹ / ਪੰਜਾਬ, 20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਜਨਰਲ ਸਕੱਤਰ ਤੇ ਪ੍ਰਮੁੱਖ ਬੁਲਾਰੇ ਸਰਦਾਰ ਦਵਿੰਦਰ ਸਿੰਘ ਸੋਢੀ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਅਤੇ ਨਸ਼ਿਆਂ ਬਾਰੇ ਦਿੱਤੇ ਬਿਆਨਾਂ 'ਤੇ ਡੂੰਘੀ ਪ੍ਰਤੀਕਿਰਿਆ ਪ੍ਰਗਟਾਈ ਹੈ।

ਆਪਣੇ ਸਾਂਝੇ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਦੇਸ਼ ਦੇ ਗ੍ਰਹਿ ਮੰਤਰੀ ਵੱਲੋਂ ਅੱਜ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਜਾ ਕੇ ਡਰੱਗ ਮਾਫੀਆ ਹੱਥੋਂ ਮਾਰੇ ਗਏ ਲੋਕਾਂ ਦਾ ਦੁੱਖ ਫਰੋਲਣਾ ਅਤੇ ਉਨ੍ਹਾਂ ਦਾ ਹਾਲ ਜਾਣਨਾ ਬੇਹੱਦ ਸ਼ਲਾਘਾਯੋਗ ਕਦਮ ਹੈ। ਪਰ ਨਾਲ ਹੀ ਉਨ੍ਹਾਂ ਸਵਾਲ ਕੀਤਾ ਕਿ ਗ੍ਰਹਿ ਮੰਤਰੀ ਵੱਲੋਂ ਇਹ ਕਹਿਣਾ ਕਿ "2029 ਤੱਕ ਪੰਜਾਬ ਨੂੰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ÷, ਬਹੁਤ ਹੈਰਾਨ ਕਰਨ ਵਾਲਾ ਹੈ।ਉਨ੍ਹਾਂ ਯਾਦ ਕਰਵਾਇਆ ਕਿ ਇਸ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਅਤੇ ਕੈਪਟਨ ਅਮਰਿੰਦਰ ਸਿੰਘ ਵਰਗੇ ਆਗੂ ਵੀ ਅਜਿਹੇ ਵੱਡੇ-ਵੱਡੇ ਦਾਅਵੇ ਕਰ ਚੁੱਕੇ ਹਨ।

ਆਗੂਆਂ ਨੇ ਸਵਾਲ ਉਠਾਇਆ, "ਕੀ ਹੁਣ ਪਹਿਲਾਂ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਆਵੇਗੀ, ਫਿਰ ਲੋਕ ਤਿੰਨ ਸਾਲ ਹੋਰ ਉਡੀਕ ਕਰਨਗੇ ਅਤੇ ਉਸ ਤੋਂ ਬਾਅਦ ਨਸ਼ੇ ਖਤਮ ਕੀਤੇ ਜਾਣਗੇ? ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਕਿਸੇ ਲੰਬੇ ਸਮੇਂ ਦੀ ਉਡੀਕ ਦੀ ਨਹੀਂ, ਸਗੋਂ ਤੁਰੰਤ ਸਖ਼ਤ ਕਾਰਵਾਈ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਦੀ ਲੋੜ ਹੈ।÷

ਮੁੱਖ ਮੰਗਾਂ ਅਤੇ ਸੁਝਾਅ:

* ਫਾਸਟ ਟ੍ਰੈਕ ਅਦਾਲਤਾਂ ਅਤੇ ਸੀਬੀਆਈ ਜਾਂਚ ਦਾ ਦਾਇਰਾ ਵਿਸ਼ਾਲ ਹੋਵੇ:

ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਨੇ ਮੰਗ ਕੀਤੀ ਕਿ ਨਸ਼ਿਆਂ ਦੇ ਸੌਦਾਗਰਾਂ ਨੂੰ ਸਜ਼ਾਵਾਂ ਦੇਣ ਲਈ ਫਾਸਟ ਟ੍ਰੈਕ ਅਦਾਲਤਾਂ ਦਾ ਗਠਨ ਕੀਤਾ ਜਾਵੇ। ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਦੀ ਮੰਗ 'ਤੇ ਸੀਬੀਆਈ ਜਾਂਚ ਦੇ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਆਗੂਆਂ ਨੇ ਜ਼ੋਰ ਦਿੱਤਾ ਕਿ ਇਸ ਜਾਂਚ ਦਾ ਘੇਰਾ ਸਿਰਫ਼ ਇੱਕ ਮਾਮਲੇ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ 1997 ਤੋਂ ਲੈ ਕੇ ਅੱਜ ਤੱਕ ਪੰਜਾਬ ਵਿੱਚ ਨਸ਼ਿਆਂ ਨਾਲ ਜੁੜੇ ਹਰ ਮਾਮਲੇ ਨੂੰ ਇਸ ਵਿੱਚ ਸ਼ਾਮਲ ਕੀਤਾ ਜਾਵੇ।

*ਪੁਰਾਣੇ ਹਾਈ ਪ੍ਰੋਫਾਈਲ ਮਾਮਲੇ ਅਤੇ ਰਿਪੋਰਟਾਂ ਕੀਤੀਆਂ ਜਾਣ ਜਨਤਕ:

ਆਗੂਆਂ ਨੇ ਮੰਗ ਕੀਤੀ ਕਿ

* ਚਰਚਿਤ ਭੋਲਾ ਡਰੱਗ ਮਾਮਲਾ (ਜਿਸ ਵਿੱਚ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦਾ ਨਾਮ ਆਇਆ ਸੀ),

* ਸਾਬਕਾ ਆਈਪੀਐਸ ਅਧਿਕਾਰੀ ਰਾਜਜੀਤ ਸਿੰਘ ਦਾ ਮਾਮਲਾ,

* ਅਤੇ ਪੰਜਾਬ ਦੇ ਸਾਬਕਾ ਪੁਲਿਸ ਮੁਖੀ ਚਟੋਪਾਧਿਆਏ ਵੱਲੋਂ ਹਾਈ ਕੋਰਟ ਵਿੱਚ ਪੇਸ਼ ਕੀਤੀ ਗਈ ਗੁਪਤ ਰਿਪੋਰਟ ਨੂੰ ਤੁਰੰਤ ਜਨਤਕ ਕੀਤਾ ਜਾਵੇ।

ਇਸ ਰਿਪੋਰਟ ਵਿੱਚ ਮੌਜੂਦ ਸਾਰੀਆਂ "ਕਾਲੀਆਂ ਭੇਡਾਂ" ਨੂੰ ਬੇਨਕਾਬ ਕੀਤਾ ਜਾਵੇ ਤਾਂ ਜੋ ਅਸਲ ਦੋਸ਼ੀ ਕਟਹਿਰੇ ਵਿੱਚ ਖੜ੍ਹੇ ਹੋ ਸਕਣ।

* ਨਸ਼ਾ ਕੈਂਸਰ ਵਰਗੀ ਅਲਾਮਤ, ਸਭ ਨੂੰ ਹੋਣਾ ਪਏਗਾ ਇੱਕਜੁੱਟ:

ਪਾਰਟੀ ਆਗੂਆਂ ਨੇ ਆਖਿਆ ਕਿ ਨਸ਼ਾ ਪੰਜਾਬ ਦੀ ਧਰਤੀ ਲਈ ਕੈਂਸਰ ਅਤੇ ਪੋਲੀਓ ਵਰਗਾ ਘਾਤਕ ਰੋਗ ਬਣ ਚੁੱਕਾ ਹੈ। ਇਸ ਨੂੰ ਜੜ੍ਹੋਂ ਪੁੱਟਣ ਲਈ ਪੰਜਾਬ ਦੀਆਂ ਸਮੁੱਚੀਆਂ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਅਤੇ ਯੂਥ ਕਲੱਬਾਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇੱਕਜੁੱਟ ਹੋਣ ਦਾ ਹੋਕਾ ਦੇਣਾ ਚਾਹੀਦਾ ਹੈ।

* ਪਰਵਿੰਦਰ ਸਿੰਘ ਝੋਟਾ ਨੂੰ 'ਸ਼ਹੀਦ' ਦਾ ਦਰਜਾ ਅਤੇ ਵਿਸ਼ੇਸ਼ ਆਰਥਿਕ ਸਹਾਇਤਾ:

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਬਾਰੇ ਬੋਲਦਿਆਂ ਆਗੂਆਂ ਨੇ ਸੁਝਾਅ ਦਿੱਤਾ ਕਿ ਇਹ ਮੁਹਿੰਮ ਹੁਣ ਪਰਵਿੰਦਰ ਸਿੰਘ ਝੋਟਾ ਨੂੰ ਸਮਰਪਿਤ ਕੀਤੀ ਜਾਵੇ। ਉਨ੍ਹਾਂ ਨੂੰ 'ਸ਼ਹੀਦ' ਦਾ ਦਰਜਾ ਦਿੱਤਾ ਜਾਵੇ ਅਤੇ ਦੇਸ਼ ਦੀ ਸਰਹੱਦ 'ਤੇ ਲੜਦਿਆਂ ਸ਼ਹੀਦ ਹੋਣ ਵਾਲੇ ਫ਼ੌਜੀ ਜਾਂ ਪੁਲਿਸ ਜਵਾਨ ਦੀ ਤਰ੍ਹਾਂ ਉਨ੍ਹਾਂ ਦੇ ਪਰਿਵਾਰ ਨੂੰ ਵੀ 2 ਕਰੋੜ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾਵੇ।

# ਬਨੂੜ ਵਿਖੇ ਸ. ਮੋਹਨ ਸਿੰਘ ਭੁੱਲਰ ਨਮਿਤ ਅੰਤਿਮ ਅਰਦਾਸ, ਰਾਗੀ ਜਥਿਆਂ ਵੱਲੋਂ ਵੈਰਾਗਮਈ ਕੀਰਤਨ

### ਭਾਈ ਹਰਪ੍ਰੀਤ ਸਿੰਘ ਖ਼ਾਲਸਾ, ਭਾਈ ਗੁਰਪ੍ਰੀਤ ਸਿੰਘ ਅਤੇ ਭਾਈ ਜਸਪ੍ਰੀਤ ਸਿੰਘ ਵੱਲੋਂ ਕੀਰਤਨ ਸੇਵਾ



ਬਨੂੜ, 19 ਅਕਤੂਬਰ (ਸਰਬਜੀਤ ਸਿੰਘ ਬਨੂੜ) - ਬਨੂੜ ਦੇ ਸਮਾਜ ਸੇਵੀ ਸ. ਮੋਹਨ ਸਿੰਘ ਭੁੱਲਰ, ਜੋ ਬੀਤੀ ਦਿਨੀ ਅਕਾਲ ਚਲਾਣਾ ਕਰ ਗਏ ਸਨ, ਨਮਿਤ ਗੁਰਦੁਆਰਾ ਸਾਹਿਬ ਬਾਬਾ ਬੰਦਾ ਸਿੰਘ ਬਹਾਦਰ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਸੰਗਤਾਂ ਨੇ ਹਾਜ਼ਰੀ ਭਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਸਮਾਗਮ ਦੌਰਾਨ ਰਾਗੀ ਭਾਈ ਹਰਪ੍ਰੀਤ ਸਿੰਘ ਖ਼ਾਲਸਾ (ਪਿੰਡ ਗੁੜਾਣਾ), ਤਬਲਾ ਵਾਦਕ ਭਾਈ ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਾਥੀ ਭਾਈ ਜਸਪ੍ਰੀਤ ਸਿੰਘ ਵੱਲੋਂ ਗੁਰਬਾਣੀ ਦਾ ਵੈਰਾਗਮਈ ਕੀਰਤਨ ਕੀਤਾ ਗਿਆ। ਗੁਰਬਾਣੀ ਦੇ ਸ਼ਬਦਾਂ ਰਾਹੀਂ ਮਨੁੱਖੀ ਜੀਵਨ ਦੀ ਨਾਸ਼ਵਾਨਤਾ, ਸੰਸਾਰਕ ਮੋਹ ਤੋਂ ਉੱਪਰ ਉੱਠ ਕੇ ਨਾਮ ਸਿਮਰਨ ਕਰਨ ਅਤੇ ਵਾਹਿਗੁਰੂ ਦੇ ਭਾਣੇ ਵਿੱਚ ਰਹਿਣ ਦਾ ਸੁਨੇਹਾ ਦਿੱਤਾ ਗਿਆ। ਕੀਰਤਨ ਦੌਰਾਨ ਗੁਰੂ ਘਰ ਦਾ ਮਾਹੌਲ ਵੈਰਾਗਮਈ ਬਣਿਆ ਰਿਹਾ। ਰਾਗੀ ਜਥੇ ਵੱਲੋਂ ਕੀਤੀ ਗਈ ਕੀਰਤਨ ਸੇਵਾ ਰਾਹੀਂ ਸੰਗਤਾਂ ਨੂੰ ਗੁਰਬਾਣੀ ਦੇ ਉਪਦੇਸ਼ਾਂ ਨਾਲ ਜੋੜਿਆ ਗਿਆ। ਸਮਾਗਮ ਵਿੱਚ ਗੁਰਮਤਿ ਸੰਗੀਤ ਦੀ ਮਹਾਨਤਾ ਅਤੇ ਸਿੱਖ ਧਰਮ ਵਿੱਚ ਕੀਰਤਨ ਦੀ ਅਹਿਮੀਅਤ ਵੀ ਉਜਾਗਰ ਹੋਈ। ਇਸ ਮੌਕੇ ਵੱਖ ਵੱਖ-ਵੱਖ ਸ਼ਖ਼ਸੀਅਤਾਂ ਨੇ ਸ. ਮੋਹਨ ਸਿੰਘ ਭੁੱਲਰ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਸਾਂਝੀ ਕੀਤੀ ਗਈ। ਗੁਰਬਾਣੀ ਦੇ ਉਪਦੇਸ਼ਾਂ ਰਾਹੀਂ ਇਹ ਸੁਨੇਹਾ ਦਿੱਤਾ ਗਿਆ ਕਿ ਜਨਮ ਅਤੇ ਮੌਤ ਕੁਦਰਤ ਦੇ ਅਟੱਲ ਨਿਯਮ ਹਨ। ਮਨੁੱਖ ਨੂੰ ਗੁਰੂ ਦੇ ਭਾਣੇ ਵਿੱਚ ਰਹਿੰਦਿਆਂ ਆਪਣਾ ਜੀਵਨ ਸੇਵਾ, ਸਿਮਰਨ ਅਤੇ ਨੇਕ ਕਰਮਾਂ ਦੇ ਲੇਖੇ ਲਾਉਣਾ ਚਾਹੀਦਾ ਹੈ। ਅੰਤਿਮ ਅਰਦਾਸ ਮੌਕੇ ਵਾਹਿਗੁਰੂ ਅੱਗੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਲਈ ਅਰਦਾਸ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਭੁੱਲਰ ਪਰਿਵਾਰ ਵੱਲੋਂ ਦੁੱਖ ਦੀ ਇਸ ਘੜੀ ਵਿੱਚ ਸ਼ਰੀਕ ਹੋਣ ਵਾਲੇ ਸਮੂਹ ਰਿਸ਼ਤੇਦਾਰਾਂ, ਸਨੇਹੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ।



## ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਦੇ ਡੈਪੂਟੇਸ਼ਨ ਨੇ ਡੀ ਈ ਓ (ਪ੍ਰਾਇਮਰੀ ਸਿੱਖਿਆ) ਰਾਹੀਂ ਡਾਇਰੈਕਟਰ ਸਕੂਲ ਸਿੱਖਿਆ ਨੂੰ 21 ਅਕਤੂਬਰ ਦੀ ਸਮੂਹਿਕ ਛੁੱਟੀ ਸਬੰਧੀ ਅਤੇ ਖੇਡਾਂ ਸਬੰਧੀ ਭੇਜਿਆ ਮੰਗ ਪੱਤਰ




**ਜਲੰਧਰ:20 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਕੰਮ ਕਰਦੀਆਂ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਰਾਹੀਂ ਡਾਇਰੈਕਟਰ ਸਕੂਲ ਸਿੱਖਿਆ ਨੂੰ ਇੱਕ ਮੰਗ ਪੱਤਰ ਭੇਜਿਆ।ਵਫ਼ਦ ਦੀ ਅਗਵਾਈ ਅਧਿਆਪਕ ਆਗੂਆਂ ਤੀਰਥ ਸਿੰਘ ਬਾਸੀ,ਨਵਪ੍ਰੀਤ ਸਿੰਘ ਬੱਲੀ, ਸੁਰਿੰਦਰ ਕੁਮਾਰ ਪੁਆਰੀ, ਅਵਤਾਰ ਲਾਲ ,ਕੁਲਵਿੰਦਰ ਸਿੰਘ ਜੋਸ਼ਨ, ਅਤੇ ਅਜਮੇਰ ਸਿੰਘ ਨੇ ਕੀਤੀ। ਮੰਗ ਪੱਤਰ ਵਿੱਚ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਖੇਡਾਂ ਕਰਵਾਉਣ ਲਈ ਵਿਦਿਆਰਥੀਆਂ ਤੋਂ ਸਪੋਰਟਸ ਫੰਡ ਲਿਆ ਜਾਂਦਾ ਹੈ।ਇਸ ਇਕੱਤਰ ਕੀਤੇ ਫੰਡ ਵਿੱਚੋਂ ਖੇਡਾਂ ਕਰਵਾਉਣ ਲਈ ਨਿਗੂਣਾ ਫੰਡ ਜਾਰੀ ਕੀਤਾ ਜਾਂਦਾ ਹੈ, ਜਿਸ ਨਾਲ ਖੇਡਾਂ ਕਰਵਾਉਣੀਆਂ ਮੁਸ਼ਕਿਲ ਹੁੰਦੀਆਂ ਹਨ। ਇਸ ਸਾਲ ਪ੍ਰਾਇਮਰੀ ਸਕੂਲਾਂ ਨੂੰ ਖੇਡਾਂ ਕਰਵਾਉਣ ਲਈ ਨਿਗੁਣਾ ਜਿਹਾ ਫੰਡ ਅਜੇ ਤੱਕ ਵੀ ਜਾਰੀ ਨਹੀਂ ਕੀਤਾ ਗਿਆ। ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਨੇ ਮੰਗ ਕੀਤੀ ਕਿ ਫੰਡ ਤੁਰੰਤ ਜਾਰੀ ਕੀਤਾ ਜਾਵੇ। ਜਿਸ ਨਾਲ ਖੇਡਾਂ ਦੇ ਖਰਚੇ ਪੂਰੇ ਹੋ ਸਕਣ। ਆਗੂਆਂ ਨੇ ਕਿਹਾ ਕਿ ਖੇਡ ਫੰਡ ਲੋੜੀਂਦਾ ਦਿੱਤਾ ਜਾਵੇ, ਖੇਡ ਫੰਡ ਜਾਰੀ ਨਾ ਕਰਨ ਤੇ ਖੇਡਾਂ ਕਰਾਉਣੀਆਂ ਅਧਿਆਪਕਾਂ ਦੀ ਕੋਈ ਜਿੰਮੇਵਾਰੀ ਨਹੀਂ ਹੈ। ਇਸ ਦੇ ਨਾਲ ਹੀ ਸਾਂਝੀ ਤਾਲਮੇਲ ਕਮੇਟੀ ਵੱਲੋਂ 21 ਅਤੇ 22 ਅਕਤੂਬਰ ਨੂੰ ਸਮੂਹਿਕ ਛੁੱਟੀ ਲੈ ਕੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਸਬੰਧੀ ਅਧਿਆਪਕਾਂ ਵਲੋਂ 21 ਅਕਤੂਬਰ ਨੂੰ ਸਮੂਹਿਕ ਛੁੱਟੀ ਲੈਣ ਸੰਬੰਧੀ ਵੀ ਨੋਟਿਸ ਦਿੱਤਾ ਗਿਆ।





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243